ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ.ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 6 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੨੩ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸੱਪ ਨੇ ਡੰਗਿਆ ਬੰਦਾ, ਅੱਗੋਂ ਬੰਦੇ ਨੇ ਦੰਦੀਆਂ ਵੱਢ-ਵੱਢ ਮਾਰ 'ਤਾ ਸੱਪ

**ਨਵੀਂ ਦਿੱਲੀ, 5 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬਿਹਾਰ ਵਿੱਚ ਇੱਕ ਹੈਰਾਨ ਕਰ ਦੇਣ ਵਾਲਾ ਮਾਮਲਾ ਸਾਹਮਣੇ ਆਇਆ ਹੈ। ਇੱਥੇ ਇੱਕ ਵਿਅਕਤੀ ਨੂੰ ਪਹਿਲਾਂ ਸੱਪ ਨੇ ਡੰਗਿਆ, ਜਿਸ ਤੋਂ ਬਾਅਦ ਬਦਲਾ ਲੈਣ ਲਈ ਵਿਅਕਤੀ ਨੇ ਦੋ-ਤਿੰਨ ਵਾਰ ਸੱਪ ਨੂੰ ਡੰਗ ਲਿਆ, ਜਿਸ ਕਾਰਨ ਸੱਪ ਦੀ ਤੜਫ਼-ਤੜਫ਼ ਕੇ ਮੌਤ ਹੋ ਗਈ। ਇਹ ਅਜੀਬ ਘਟਨਾ ਨਵਾਦਾ ਦੇ ਰਾਜੌਲੀ ਇਲਾਕੇ ਵਿੱਚ ਵਾਪਰੀ ਹੈ। ਦੱਸ ਦੇਈਏ ਕਿ ਰਜੌਲੀ 'ਚ ਰੇਲਵੇ ਲਾਈਨ ਪ੍ਰਾਜੈਕਟ 'ਤੇ ਕੰਮ ਕਰਨ ਵਾਲਾ ਮਜ਼ਦੂਰ ਸੰਤੋਸ਼ ਲੋਹਾਰ ਮੰਗਲਵਾਰ ਰਾਤ ਆਪਣੇ ਬੇਸ ਕੈਂਪ 'ਤੇ ਸੌਂ ਰਿਹਾ ਸੀ। ਇਸ ਦੌਰਾਨ ਉਸ ਨੂੰ ਜ਼ਿਹਰੀਲੇ ਸੱਪ ਨੇ ਡੰਗ ਲਿਆ। ਇਸ ਮੌਕੇ ਘਬਰਾਉਣ ਦੀ ਬਜਾਏ ਗੁੱਸੇ ਵਿੱਚ ਆਏ ਸੰਤੋਸ਼ ਨੇ ਲੋਹੇ ਦੀ ਰਾਡ ਨਾਲ ਸੱਪ ਨੂੰ ਫੜ ਲਿਆ ਅਤੇ ਉਸ ਨੂੰ ਇੱਕ ਵਾਰ ਨਹੀਂ ਸਗੋਂ ਤਿੰਨ ਵਾਰ ਦੰਦੀਆਂ ਮਾਰੀਆਂ। ਇਸ ਨਾਲ ਸੱਪ ਦੀ ਤੜਫ਼-ਤੜਫ਼ ਮੌਤ ਹੋ ਗਈ। ਸੰਤੋਸ਼ ਨੂੰ ਜਦੋਂ ਉਨ੍ਹਾਂ ਦੇ ਇਸ ਅਸਾਧਾਰਨ ਪ੍ਰਤੀਕਰਮ ਬਾਰੇ ਪੁੱਛਿਆ ਗਿਆ ਤਾਂ ਉਸ ਨੇ ਕਿਹਾ, "ਮੇਰੇ ਪਿੰਡ ਵਿੱਚ ਅਜਿਹਾ ਮਾਨਤਾ ਹੈ ਕਿ ਜੇਕਰ ਤੁਹਾਨੂੰ ਕੋਈ ਸੱਪ ਤੁਹਾਨੂੰ ਡੱਸਦਾ ਹੈ, ਤਾਂ ਜ਼ਿਹਰ ਨੂੰ ਬੇਅਸਰ ਕਰਨ ਲਈ ਦੋ ਵਾਰ ਡੰਗ ਮਾਰਨਾ ਹੋਵੇਗਾ।" ਸਥਾਨਕ ਗਿਆਨ ਦੀ ਇਸ ਅਨੌਖੀ ਗੱਲ ਨੇ ਸੰਤੋਸ਼ ਨੂੰ ਅਜਿਹੀ ਸਖ਼ਤ ਕਾਰਵਾਈ ਕਰਨ ਲਈ ਪ੍ਰੇਰਿਤ ਕੀਤਾ। ਘਟਨਾ ਦੀ ਸੂਚਨਾ ਮਿਲਦੇ ਹੀ ਰੇਲਵੇ ਅਧਿਕਾਰੀ ਸੰਤੋਸ਼ ਨੂੰ ਇਲਾਜ ਲਈ ਨਜ਼ਦੀਕੀ ਹਸਪਤਾਲ ਲੈ ਗਏ। ਇਸ ਅਸਾਧਾਰਨ ਘਟਨਾ ਦੀ ਖ਼ਬਰ ਤੇਜ਼ੀ ਨਾਲ ਫੈਲ ਗਈ ਅਤੇ ਸੰਤੋਸ਼ ਦੀ ਇੱਕ ਝਲਕ ਵੇਖਣ ਅਤੇ ਉਸਦੀ ਕਹਾਣੀ ਸੁਣਨ ਲਈ ਹਸਪਤਾਲ ਵਿੱਚ ਭੀੜ ਇਕੱਠੀ ਹੋ ਗਈ।

### ਭਾਰੀ ਸੁਰੱਖਿਆ 'ਚ ਦਿੱਲੀ ਆ ਕੇ ਚੁੱਕੀ ਅਹੁਦੇ ਦੀ ਸਹੁੰ

# ਅੰਮ੍ਰਿਤਪਾਲ ਸਿੰਘ ਬਣੇ ਸੰਸਦ ਮੈਂਬਰ

**ਨਵੀਂ ਦਿੱਲੀ, 5 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਖਡੂਰ ਸਾਹਿਬ ਤੋਂ ਲੋਕ ਸਭਾ ਚੋਣ ਜਿੱਤਣ ਵਾਲੇ ਖਾਲਿਸਤਾਨ ਸਮਰਥਕ ਅੰਮ੍ਰਿਤਪਾਲ ਸਿੰਘ ਨੇ ਸੰਸਦ ਮੈਂਬਰ ਵਜੋਂ ਸਹੁੰ ਚੁੱਕ ਲਈ ਹੈ। ਹਾਲਾਂਕਿ ਇਸ ਦੀ ਕੋਈ ਫੋਟੋ-ਵੀਡੀਓ ਜਾਰੀ ਨਹੀਂ ਕੀਤੀ ਗਈ। ਉਪਰੰਤ ਪਰਿਵਾਰ ਨੂੰ ਅੰਮ੍ਰਿਤਪਾਲ ਸਿੰਘ ਨਾਲ ਮੁਲਾਕਾਤ ਕਰਵਾਈ ਗਈ, ਜਿਸ ਲਈ ਉਨ੍ਹਾਂ ਨੂੰ ਸੁਰੱਖਿਅਤ ਵਾਪਸ ਏਅਰਪੋਰਟ ਲਿਜਾਇਆ ਗਿਆ, ਜਿੱਥੇ ਕਿ ਉਹ ਆਪਣੇ ਪਰਿਵਾਰ ਨੂੰ ਮਿਲੇ।



ਸੂਤਰਾਂ ਮੁਤਾਬਕ ਅੰਮ੍ਰਿਤਪਾਲ ਸਿੰਘ ਕਰੀਬ 40 ਮਿੰਟ ਤੱਕ ਸੰਸਦ ਭਵਨ ਵਿੱਚ ਰਹੇ। ਇਸ ਤੋਂ ਬਾਅਦ ਅੰਮ੍ਰਿਤਪਾਲ ਸਿੰਘ ਨੂੰ ਉਨ੍ਹਾਂ ਦੇ ਪਰਿਵਾਰ ਨਾਲ ਮਿਲਾਇਆ ਗਿਆ। ਇਸ ਮਗਰੋਂ ਉਨ੍ਹਾਂ ਨੂੰ ਵਾਪਸ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਲਿਜਾਇਆ ਗਿਆ। ਅੰਮ੍ਰਿਤਪਾਲ ਸਿੰਘ ਨੂੰ ਚਾਰ ਦਿਨ ਦੀ ਪੈਰੋਲ ਮਿਲੀ ਹੈ ਪਰ ਮੰਨਿਆ ਜਾ ਰਿਹਾ ਹੈ ਕਿ ਅੱਜ ਹੀ ਉਨ੍ਹਾਂ ਨੂੰ ਮੁੜ ਡਿਬਰੂਗੜ੍ਹ ਜੇਲ੍ਹ ਭੇਜ ਦਿੱਤਾ ਜਾਏਗਾ।

ਹਾਸਲ ਜਾਣਕਾਰੀ ਮੁਤਾਬਕ ਸੰਸਦ 'ਚ ਸਹੁੰ ਚੁੱਕਣ ਤੋਂ ਬਾਅਦ ਅੰਮ੍ਰਿਤਪਾਲ ਸਿੰਘ ਨੂੰ ਸਖ਼ਤ ਸੁਰੱਖਿਆ ਹੇਠ ਹਵਾਈ ਅੱਡੇ 'ਤੇ ਲਿਜਾਇਆ ਜਾ ਰਿਹਾ ਹੈ। ਇਸ ਦੌਰਾਨ ਅੰਮ੍ਰਿਤਪਾਲ ਸਿੰਘ ਆਪਣੇ ਪਰਿਵਾਰ ਨੂੰ ਮਿਲੇਗਾ। ਸੂਤਰਾਂ ਮੁਤਾਬਕ ਅੰਮ੍ਰਿਤਪਾਲ ਸਿੰਘ ਨੂੰ ਏਅਰਪੋਰਟ 'ਤੇ ਪਰਿਵਾਰ ਨਾਲ ਮਿਲਣ ਦਾ ਇੰਤਜ਼ਾਮ ਕੀਤਾ ਜਾ ਸਕਦਾ ਹੈ। ਸਹੁੰ ਚੁੱਕਣ ਤੋਂ ਬਾਅਦ ਪੁਲਿਸ ਅੰਮ੍ਰਿਤਪਾਲ ਨੂੰ ਵਾਪਸ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਲੈ ਜਾਵੇਗੀ।

## ਰਾਜਾ ਵੜਿੰਗ ਤੇ ਸੁਖਜਿੰਦਰ ਰੰਧਾਵਾ ਨੂੰ ਸਰਕਾਰੀ ਘਰ ਖਾਲੀ ਕਰਨ ਦੇ ਹੁਕਮ, ਨਹੀਂ ਤਾਂ ਲੱਗੇਗਾ 160 ਗੁਣਾ ਕਿਰਾਇਆ





**ਚੰਡੀਗੜ੍ਹ, 5 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਦੇ ਸੀਨੀਅਰ ਲੀਡਰਾਂ ਤੇ ਸੰਸਦ ਮੈਂਬਰਾਂ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਸੁਖਜਿੰਦਰ ਸਿੰਘ ਰੰਧਾਵਾ ਨੂੰ ਸਰਕਾਰੀ ਘਰ ਖਾਲੀ ਕਰਨੇ ਪੈਣਗੇ। ਪੰਜਾਬ ਵਿਧਾਨ ਸਭਾ ਨੇ ਦੋਵੇਂ ਲੀਡਰਾਂ ਨੂੰ ਹੁਕਮ ਜਾਰੀ ਕਰ ਦਿੱਤੇ ਹਨ। ਦੋਵੇਂ ਲੀਡਰਾਂ ਨੇ ਲੋਕ ਸਭਾ ਚੋਣਾਂ ਜਿੱਤਣ ਮਗਰੋਂ ਵਿਧਾਇਕ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ। ਇਸ ਲਈ ਉਨ੍ਹਾਂ ਨੂੰ ਵਿਧਾਇਕ ਵਜੋਂ ਮਿਲੇ ਘਰ ਖਾਲੀ ਕਰਨੇ ਪੈਣਗੇ। ਹਾਸਲ ਜਾਣਕਾਰੀ ਮੁਤਾਬਕ ਪੰਜਾਬ ਵਿਧਾਨ ਸਭਾ ਨੇ ਨਵੇਂ ਚੁਣੇ ਸੰਸਦ ਮੈਂਬਰਾਂ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਸੁਖਜਿੰਦਰ ਸਿੰਘ ਰੰਧਾਵਾ ਨੂੰ ਵਿਧਾਇਕਾਂ ਵਜੋਂ ਦਿੱਤੀਆਂ ਗਈਆਂ ਰਿਹਾਇਸ਼ਾਂ ਖਾਲੀ ਕਰਨ ਦੇ ਹੁਕਮ ਜਾਰੀ ਕੀਤੇ ਹਨ। ਨਿਯਮਾਂ ਮੁਤਾਬਕ ਉਨ੍ਹਾਂ ਨੂੰ 20 ਜੂਨ ਨੂੰ 15 ਦਿਨਾਂ ਦੇ ਅੰਦਰ-ਅੰਦਰ ਘਰ ਖਾਲੀ ਕਰਨ ਦੇ ਹੁਕਮ ਜਾਰੀ ਕੀਤੇ ਗਏ ਸਨ। ਹਾਲਾਂਕਿ, ਤੈਅ ਸਮੇਂ ਤੋਂ ਬਾਅਦ ਵੀ ਉਹ ਕੁਝ ਸਮੇਂ ਲਈ ਘਰ ਰੱਖ ਸਕਦੇ ਹਨ ਪਰ ਇਸ ਦੌਰਾਨ ਉਨ੍ਹਾਂ ਨੂੰ ਵਾਜਬ ਕਿਰਾਇਆ ਅਦਾ ਕਰਨਾ ਹੋਵੇਗਾ। ਕਾਂਗਰਸੀ ਆਗੂ ਸੁਖਜਿੰਦਰ ਸਿੰਘ ਰੰਧਾਵਾ ਗੁਰਦਾਸਪੁਰ ਤੋਂ ਸੰਸਦ ਮੈਂਬਰ ਚੁਣੇ ਜਾਣ ਤੋਂ ਪਹਿਲਾਂ ਡੇਰਾ ਬਾਬਾ ਨਾਨਕ ਦੇ ਵਿਧਾਇਕ ਸਨ। ਜਦਕਿ ਅਮਰਿੰਦਰ ਸਿੰਘ ਰਾਜਾ ਵੜਿੰਗ ਗਿੱਦੜਬਾਹਾ ਦੇ ਵਿਧਾਇਕ ਸਨ। ਹੁਣ ਉਹ ਲੁਧਿਆਣਾ ਤੋਂ ਸੰਸਦ ਮੈਂਬਰ ਚੁਣੇ ਗਏ ਹਨ। ਦੋਵਾਂ ਨੇ ਹੁਣ ਵਿਧਾਇਕ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਵਿਧਾਨ ਸਭਾ ਸਪੀਕਰ ਨੇ ਅਸਤੀਫਾ ਸਵੀਕਾਰ ਵੀ ਕਰ ਲਿਆ ਹੈ। ਅਜਿਹੇ 'ਚ ਉਨ੍ਹਾਂ ਨੂੰ ਘਰ ਖਾਲੀ ਕਰਨਾ ਪਵੇਗਾ। ਨਿਯਮਾਂ ਅਨੁਸਾਰ ਜਦੋਂ ਵਿਧਾਨ ਸਭਾ ਮੈਂਬਰ ਨੂੰ ਘਰ, ਫਲੈਟ, ਨੌਕਰ, ਕੁਆਟਰ, ਗੈਰੇਜ ਆਦਿ ਅਲਾਟ ਕੀਤਾ ਜਾਂਦਾ ਹੈ।

### ਮਨੁੱਖੀ ਅਧਿਕਾਰਾਂ ਨਾਲ ਜੁੜੇ ਮੁੱਦਿਆਂ 'ਤੇ ਧਿਆਨ ਕੇਂਦਰਿਤ ਕਰਕੇ

# ਮਜ਼ਦੂਰ ਦਾ ਪੁੱਤਰ ਬਣਿਆ ਬ੍ਰਿਟੇਨ ਦਾ ਪ੍ਰਧਾਨ ਮੰਤਰੀ

**ਲੰਡਨ ਤੋਂ ਵਿਸ਼ੇਸ਼ ਰਿਪੋਰਟ**
**ਆਵਾਜ਼ਿ ਕੌਮ ਬਿਊਰੋ**

**ਰਿਸ਼ੀ ਸੁਨਕ** ਨੂੰ ਬ੍ਰਿਟੇਨ ਦੀਆਂ ਚੋਣਾਂ ਵਿੱਚ ਕਰਾਰੀ ਹਾਰ ਦਾ ਸਾਹਮਣਾ ਕਰਨਾ ਪਿਆ ਹੈ। ਜਦੋਂ ਕਿ ਲੇਬਰ ਪਾਰਟੀ ਦੇ ਉਮੀਦਵਾਰ ਕੀਰ ਸਟਾਰਮਰ ਨੂੰ ਆਉਣ ਵਾਲੀਆਂ ਚੋਣਾਂ ਜਿੱਤ ਕੇ ਪ੍ਰਧਾਨ ਮੰਤਰੀ ਦੀ ਭੂਮਿਕਾ ਨਿਭਾਉਣ ਦਾ ਮੌਕਾ ਮਲਿਆ ਹੈ। ਵੋਟਰ ਕੰਜ਼ਰਵੇਟਿਵ ਪਾਰਟੀ ਦੇ 14 ਸਾਲਾਂ ਦੇ ਕਾਰਜਕਾਲ ਤੋਂ ਥੱਕੇ ਨਜ਼ਰ ਆਏ। ਇਸ ਕਾਰਨ ਵੀ ਜਨਤਾ ਕੀਰ ਸਟਾਰਮਰ ਨੂੰ ਮੌਕਾ ਦੇ ਰਹੀ ਹੈ। ਸਟਾਰਮਰ ਨੇ ਅਪ੍ਰੈਲ 2020 ਵਿੱਚ ਖੱਬੇ ਪੱਖੀ ਜੇਰੇਮੀ ਕੋਰਬੀਨ ਤੋਂ ਨੇਤਾ ਵਜੋਂ ਅਹੁਦਾ ਸੰਭਾਲਿਆ ਸੀ। ਇਸ ਤੋਂ ਬਾਅਦ ਉਸ ਨੇ ਲੇਬਰ ਪਾਰਟੀ ਨੂੰ ਸਿਆਸੀ ਕੇਂਦਰ ਵੱਲ ਲੈ ਕੇ ਆਪਣੀ ਪਾਰਟੀ ਵਿਚ ਵਿਰੋਧੀ ਭਾਵਨਾ ਨੂੰ ਖ਼ਤਮ ਕਰ ਦਿੱਤਾ, ਜਿਸ ਕਾਰਨ ਉਸ ਦੀ ਪ੍ਰਸ਼ੰਸਾ ਹੋ ਰਹੀ ਹੈ। ਇਸ ਦੇ ਨਾਲ ਹੀ ਉਨ੍ਹਾਂ ਦੇ ਸਮਰਥਕ ਸਟਾਰਮਰ ਨੂੰ ਅਜਿਹੇ ਨੇਤਾ ਦੇ ਰੂਪ 'ਚ ਦੇਖਦੇ ਹਨ ਜੋ ਬ੍ਰਿਟੇਨ ਨੂੰ ਆਰਥਿਕ ਮੰਦੀ 'ਚੋਂ ਬਾਹਰ ਕੱਢਣ 'ਚ ਪੂਰੀ ਤਰ੍ਹਾਂ ਸਮਰੱਥ ਹੈ। ਆਓ ਜਾਣਦੇ ਹਾਂ ਕਿ ਕੀਰ ਸਟਾਰਮਰ ਕੌਣ ਹੈ।

ਕੀਰ ਸਟਾਰਮਰ ਦਾ ਜਨਮ 1963 ਵਿੱਚ ਸਰੀ ਵਿੱਚ ਇੱਕ ਮਜ਼ਦੂਰ ਵਰਗ ਦੇ ਪਰਿਵਾਰ ਵਿੱਚ ਹੋਇਆ। ਉਸ ਦਾ ਪਰਿਵਾਰ ਕਾਫੀ ਮੁਸ਼ਕਿਲਾਂ 'ਚੋਂ ਲੰਘਿਆ, ਜਿਸ ਦਾ ਸਟਾਰਮਰ ਨੂੰ ਵੀ ਸਾਹਮਣਾ ਕਰਨਾ ਪਿਆ। ਉਸਦਾ ਪਿਤਾ ਇੱਕ ਟੂਲਮੇਕਰ ਸੀ, ਜੋ ਸਟਾਰਮਰ ਦਾ ਜ਼ਿਆਦਾ ਕਰੀਬੀ ਨਹੀਂ ਸੀ। ਸਟਾਰਮਰ ਦੀ ਮਾਂ ਬੀਮਾਰੀ ਨਾਲ ਜੂਝ ਰਹੀ ਸੀ। ਸਟਾਰਮਰ ਦਾ ਨਾਮ ਕੀਰ ਬਹੁਤ ਅਸਾਧਾਰਨ ਮੰਨਿਆ ਜਾਂਦਾ ਹੈ। ਉਸਦੇ ਸਮਾਜਵਾਦੀ ਮਾਤਾ-ਪਿਤਾ ਨੇ ਲੇਬਰ ਪਾਰਟੀ ਦੇ ਸੰਸਥਾਪਕ ਕੀਰ ਹਾਰਡੀ ਨੂੰ ਸ਼ਰਧਾਂਜਲੀ ਵਜੋਂ ਕੀਰ ਨਾਮ ਦੀ ਚੋਣ ਕੀਤੀ। ਕੀਰ ਸਟਾਰਮਰ ਪੇਸ਼ੇ ਤੋਂ ਵਕੀਲ ਵੀ ਰਹੇ ਹਨ।

**ਮਨੁੱਖੀ ਅਧਿਕਾਰਾਂ ਨਾਲ ਸਬੰਧਤ ਮਾਮਲਿਆਂ ਦੀ ਵਕਾਲਤ** : ਸਟਾਰਮਰ ਦਾ ਕਾਨੂੰਨੀ ਕਰੀਅਰ ਤਿੰਨ ਦਹਾਕਿਆਂ ਤੱਕ ਫੈਲਿਆ। ਇਸ ਦੌਰਾਨ ਉਨ੍ਹਾਂ ਮਨੁੱਖੀ ਅਧਿਕਾਰਾਂ ਨਾਲ ਜੁੜੇ ਮੁੱਦਿਆਂ 'ਤੇ ਧਿਆਨ ਕੇਂਦਰਿਤ ਕੀਤਾ। ਉਸਨੇ ਕੈਰੇਬੀਅਨ ਅਤੇ ਅਫਰੀਕਾ ਵਿੱਚ ਮੌਤ ਦੀ ਸਜ਼ਾ ਦਾ ਸਾਹਮਣਾ ਕਰ ਰਹੇ ਕੈਦੀਆਂ ਦੀ ਵੀ ਵਕਾਲਤ ਕੀਤੀ। ਮੈਕਡੋਨਲਡ ਦੇ ਵਾਤਾਵਰਣ ਸੰਬੰਧੀ ਦਾਅਵਿਆਂ ਦੀ ਆਲੋਚਨਾ ਕਰਨ ਵਾਲੇ ਕਾਰਕੁੰਨਾਂ ਨੂੰ ਆਪਣੀ ਪ੍ਰੋ ਬੋਨੋ ਸੇਵਾ ਦਿੱਤੀ। ਇਸ ਕਾਰਨ ਉਸ ਨੂੰ ਨਿਆਂ ਦੇ ਚੈਂਪੀਅਨ ਵਜੋਂ ਦੇਖਿਆ ਗਿਆ। ਸਟਾਰਮਰ ਨੂੰ ਮਹਾਰਾਣੀ ਐਲਿਜ਼ਾਬੈਥ 99 ਦੁਆਰਾ ਅਪਰਾਧਿਕ ਨਿਆਂ ਵਿੱਚ ਉਸਦੇ ਯੋਗਦਾਨ ਲਈ ਨਾਈਟ ਨਾਲ ਸਨਮਾਨਿਤ ਕੀਤਾ ਗਿਆ ਸੀ। ਪਰ ਵਿਰਲੇ ਹੀ ਆਪਣੇ ਨਾਂ ਅੱਗੇ 'ਸਰ' ਸ਼ਬਦ ਦੀ ਵਰਤੋਂ ਕਰਦੇ ਹਨ।



**ਦੇਰ ਨਾਲ ਰਾਜਨੀਤੀ ਵਿੱਚ ਦਾਖਲਾ** : ਸਟਾਰਮਰ ਦਾ ਰਾਜਨੀਤੀ ਵਿੱਚ ਦਾਖਲਾ ਮੁਕਾਬਲਤਨ ਦੇਰ ਨਾਲ ਆਇਆ। ਉਨ੍ਹਾਂ ਨੇ 52 ਸਾਲ ਦੀ ਉਮਰ ਵਿੱਚ ਰਾਜਨੀਤੀ ਵਿੱਚ ਪ੍ਰਵੇਸ਼ ਕੀਤਾ ਸੀ। ਫਿਰ 2015 ਵਿੱਚ ਉਹ ਹੋਲਬੋਰਨ ਅਤੇ ਸੇਂਟ ਪੈਨਕ੍ਰਾਸ ਲਈ ਸੰਸਦ ਮੈਂਬਰ ਬਣੇ। ਇੱਕ ਹੁਨਰਮੰਦ ਵਕੀਲ ਹੋਣਾ ਉਸ ਲਈ ਰਾਜਨੀਤੀ ਵਿੱਚ ਬਹੁਤ ਲਾਭਦਾਇਕ ਸੀ। ਇਸ ਨਾਲ ਉਸਦੀ ਸਾਖ ਮਜ਼ਬੂਤ ? ?ਹੋਈ ਅਤੇ ਉਸਨੂੰ ਰਾਜਨੀਤੀ ਵਿੱਚ ਅੱਗੇ ਵਧਾਇਆ ਗਿਆ। ਜਲਦੀ ਹੀ ਉਸ ਦੇ ਦਰਜੇ ਵਧਣ ਲੱਗੇ। ਉਸਨੇ ਸਾਬਕਾ ਲੇਬਰ ਨੇਤਾ ਜੇਰੇਮੀ ਕੋਰਬਿਨ ਦੇ ਅਧੀਨ ਬ੍ਰੈਕਸਿਟ ਸਕੱਤਰ ਵਜੋਂ ਕੰਮ ਕੀਤਾ। ਸਟਾਰਮਰ ਦੇ ਮੁੱਖ ਨੀਤੀ ਵਾਅਦੇ ਉਸ ਦੀ ਵਿਹਾਰਕ ਪਹੁੰਚ ਨੂੰ ਦਰਸਾਉਂਦੇ ਹਨ। ਉਸਨੇ ਨੈਸ਼ਨਲ ਹੈਲਥ ਸਰਵਿਸ ਵੇਟਿੰਗ ਲਿਸਟਾਂ ਨੂੰ ਘਟਾਉਣ ਲਈ ਹਫਤਾਵਾਰੀ ਨਿਯੁਕਤੀਆਂ ਵਧਾਉਣ ਦਾ ਵਾਅਦਾ ਕੀਤਾ ਹੈ।

**ਸਟਾਰਮਰ ਦੇ ਵਾਅਦੇ** : ਇਮੀਗ੍ਰੇਸ਼ਨ ਦੇ ਸਬੰਧ ਵਿੱਚ ਉਨ੍ਹਾਂ ਨੇ 'ਬਾਰਡਰ ਸਕਿਓਰਿਟੀ ਕਮਾਂਡ' ਸਥਾਪਤ ਕਰਨ ਦੀ ਯੋਜਨਾ ਬਣਾਈ ਹੈ। ਇਹ ਹੁਕਮ ਲੋਕਾਂ ਨੂੰ ਛੋਟੀਆਂ ਕਿਸ਼ਤੀਆਂ ਰਾਹੀਂ ਗ਼ੈਰ-ਕਾਨੂੰਨੀ ਢੰਗ ਨਾਲ ਦੇਸ਼ ਵਿੱਚ ਆਉਣ ਤੋਂ ਰੋਕੇਗਾ। ਹਾਊਸਿੰਗ ਸੈਕਟਰ ਵਿੱਚ ਸਟਾਰਮਰ ਦਾ ਟੀਚਾ ਪਹਿਲੀ ਵਾਰ ਘਰ ਖਰੀਦਦਾਰਾਂ ਨੂੰ ਉਤਸ਼ਾਹਿਤ ਕਰਨਾ ਹੈ। ਇਸ ਦੇ ਲਈ ਇੱਕ ਯੋਜਨਾ ਸ਼ੁਰੂ ਕੀਤੀ ਜਾਵੇਗੀ, ਜਿਸ ਵਿੱਚ ਉਨ੍ਹਾਂ ਨੂੰ ਨਵੇਂ ਮਕਾਨ ਬਣਾਉਣ ਵਿੱਚ ਪਹਿਲ ਦਿੱਤੀ ਜਾਵੇਗੀ। 15 ਲੱਖ ਨਵੇਂ ਘਰ ਬਣਾਉਣ ਲਈ ਕਾਨੂੰਨਾਂ ਵਿੱਚ ਸੁਧਾਰ ਕਰਨ ਦਾ ਵੀ ਵਾਅਦਾ ਕੀਤਾ। ਸਿੱਖਿਆ ਉਸਦੀ ਇੱਕ ਹੋਰ ਤਰਜੀਹ ਹੈ। ਸਟਾਰਮਰ ਨੇ 6,500 ਅਧਿਆਪਕ ਭਰਤੀ ਕਰਨ ਅਤੇ ਪ੍ਰਾਈਵੇਟ ਸਕੂਲਾਂ ਤੋਂ ਟੈਕਸ ਖ਼ਤਮ ਕਰਨ ਦਾ ਵਾਅਦਾ ਕੀਤਾ ਹੈ।

## ਸ਼੍ਰੋਮਣੀ ਕਮੇਟੀ ਹੋਈ ਸਖਤ, ਕੰਗਨਾ ਰਣੌਤ ਦੇ ਖਿਲਾਫ਼ ਕੇਸ ਦਰਜ ਕਰਨ ਦੀ ਮੰਗ ਸਣੇ ਲਏ ਕਈ ਅਹਿਮ ਫੈਸਲੇ, ਯੋਗਾ ਕਰਨ ਵਾਲੀ ਕੁੜੀ ਨੂੰ ਨਹੀਂ ਮਿਲੇਗੀ ਮੁਆਫੀ

**ਅੰਮ੍ਰਿਤਸਰ, 5 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੀਟਿੰਗ ਵਿੱਚ ਹਿਮਾਚਲ ਪ੍ਰਦੇਸ਼ ਤੋਂ ਨਵੀਂ ਚੁਣੀ ਸੰਸਦ ਮੈਂਬਰ ਅਤੇ ਫਿਲਮ ਅਦਾਕਾਰਾ ਕੰਗਨਾ ਰਣੌਤ ਖ਼ਿਲਾਫ਼ ਕੇਸ ਦਰਜ ਕਰਨ ਦੀ ਮੰਗ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਚੰਡੀਗੜ੍ਹ ਏਅਰਪੋਰਟ 'ਤੇ ਹੋਏ ਵਿਵਾਦ ਤੋਂ ਬਾਅਦ ਕੰਗਣਾ ਵੱਲੋਂ ਸਿੱਖਾਂ ਬਾਰੇ ਕਹੇ ਗਏ ਸ਼ਬਦਾਂ ਦੇ ਆਧਾਰ 'ਤੇ ਉਸ ਵਿਰੁੱਧ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।



**ਹਿਮਾਚਲ 'ਚ ਪੰਜਾਬੀਆਂ ਅਤੇ ਸਿੱਖਾਂ ਨਾਲ ਹੋ ਰਹੇ ਸਲੂਕ ਬਾਰੇ ਵੀ ਸਰਕਾਰ ਨੂੰ ਸੋਚਣਾ ਚਾਹੀਦਾ** : ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਚੰਡੀਗੜ੍ਹ ਏਅਰਪੋਰਟ ਵਿਵਾਦ ਤੋਂ ਬਾਅਦ ਸਿੱਖ ਲੜਕੀ ਸੀਆਈਐਸਐਫ ਜਵਾਨ ਦਾ ਤਬਾਦਲਾ ਕਰ ਦਿੱਤਾ ਗਿਆ ਸੀ ਪਰ ਕੰਗਨਾ ਰਣੌਤ ਖ਼ਿਲਾਫ਼ ਕੋਈ ਕਾਰਵਾਈ ਨਹੀਂ ਹੋਈ। ਇਸ ਦੇ ਨਾਲ ਹੀ ਹਿਮਾਚਲ ਪ੍ਰਦੇਸ਼ ਵਿੱਚ ਪੰਜਾਬੀਆਂ ਅਤੇ ਸਿੱਖਾਂ ਨਾਲ ਹੋ ਰਹੇ ਸਲੂਕ ਬਾਰੇ ਵੀ ਸਰਕਾਰ ਨੂੰ ਸੋਚਣਾ ਚਾਹੀਦਾ ਹੈ। ਉਨ੍ਹਾਂ ਦਾ ਕੋਈ ਨੁਕਸਾਨ ਨਹੀਂ ਹੋਵੇਗਾ, ਸੈਲਾਨੀ ਘੱਟ ਜਾਣਗੇ। ਹਿਮਾਚਲ ਪ੍ਰਦੇਸ਼ ਸਰਕਾਰ ਨੂੰ ਇਸ ਤੋਂ ਸਬਕ ਲੈਣਾ ਚਾਹੀਦਾ ਹੈ ਕਿ ਇਸ ਵਾਰ ਪੰਜਾਬੀਆਂ ਨੇ ਹਿਮਾਚਲ ਪ੍ਰਦੇਸ਼ ਦੀ ਬਜਾਏ ਜੰਮੂ-ਕਸ਼ਮੀਰ ਵੱਲ ਰੁਖ਼ ਕੀਤਾ ਹੈ।

**ਯੋਗਾ ਕਰਨ ਵਾਲੀ ਕੁੜੀ ਦੀ ਗਲਤੀ ਲਈ ਨਹੀਂ ਮਿਲੇਗੀ ਮੁਆਫੀ** : ਐਸਜੀਪੀਸੀ ਪ੍ਰਧਾਨ ਨੇ ਦੱਸਿਆ ਕਿ ਹਾਲ ਹੀ ਵਿੱਚ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਯੋਗ ਦਾ ਮੁੱਦਾ ਆਇਆ ਸੀ। ਕੁੜੀ ਨੇ ਮੁਆਫੀ ਵੀ ਮੰਗੀ ਪਰ ਉਸਦੀਆਂ ਗੱਲਾਂ ਮੁਆਫੀ ਕਰਨ ਵਾਲੀਆਂ ਨਹੀਂ ਸੀ। ਜਦਕਿ ਹਰਿਮੰਦਰ ਸਾਹਿਬ ਦੇ ਬਾਹਰ ਇੱਕ ਸਕਰੀਨ ਲਗਾਈ ਗਈ ਹੈ ਅਤੇ ਵਾਰ-ਵਾਰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਮਰਿਆਦਾ ਨੂੰ ਬਰਕਰਾਰ ਰੱਖਿਆ ਜਾਵੇ। ਪਰ ਅਜਿਹਾ ਨਹੀਂ ਹੁੰਦਾ। ਜੇਕਰ ਗਲਤੀਆਂ ਨੂੰ ਇਸੇ ਤਰ੍ਹਾਂ ਮਾਫ਼ ਕੀਤਾ ਜਾਂਦਾ ਰਿਹਾ ਤਾਂ ਸਹੀ ਸੁਨੇਹਾ ਨਹੀਂ ਜਾਵੇਗਾ।

**ਰਾਜਸਥਾਨ 'ਚ ਜੁਡੀਸ਼ਰੀ ਪੇਪਰ ਵਿਵਾਦ 'ਤੇ ਕਾਨੂੰਨੀ ਕਾਰਵਾਈ ਦੀ ਤਿਆਰੀ** : ਐਡਵੋਕੇਟ ਧਾਮੀ ਨੇ ਦੱਸਿਆ ਕਿ ਹਾਲ ਹੀ ਵਿੱਚ ਰਾਜਸਥਾਨ ਵਿੱਚ ਜੁਡੀਸ਼ਰੀ ਪ੍ਰੀਖਿਆ ਦੌਰਾਨ ਦੋ ਸਿੱਖ ਲੜਕੀਆਂ ਨੂੰ ਪ੍ਰੀਖਿਆ ਕੇਂਦਰ ਵਿੱਚ ਦਾਖਲ ਨਹੀਂ ਹੋਣ ਦਿੱਤਾ ਗਿਆ, ਕਿਉਂਕਿ ਉਨ੍ਹਾਂ ਨੇ ਸ੍ਰੀ ਸਾਹਿਬ ਅਤੇ ਕੜਾ ਪਹਿਨੇ ਹੋਏ ਸਨ। ਜਦਕਿ ਇਹ ਉਨ੍ਹਾਂ ਦਾ ਮੌਲਿਕ ਅਧਿਕਾਰ ਹੈ। ਇਹ ਦੇਖਿਆ ਗਿਆ ਹੈ ਕਿ ਦੇਸ਼ ਦੇ ਹਵਾਈ ਅੱਡਿਆਂ 'ਤੇ ਅਤੇ ਵੱਖ-ਵੱਖ ਪ੍ਰੀਖਿਆਵਾਂ 'ਚ ਸਿੱਖਾਂ ਨੂੰ ਕਕਾਰਾਂ ਨੂੰ ਲੈ ਕੇ ਪ੍ਰੇਸ਼ਾਨ ਕੀਤਾ ਜਾਂਦਾ ਹੈ। ਅਜਿਹੇ 'ਚ ਐਸਜੀਪੀਸੀ ਮਾਹਿਰਾਂ ਦੀ ਰਾਏ ਲੈ ਰਹੀ ਹੈ, ਜਿਸ ਤੋਂ ਬਾਅਦ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

**ਹਰਿਮੰਦਰ ਸਾਹਿਬ 'ਚ ਫਿਲਮਾਂ ਦਾ ਪ੍ਰਚਾਰ ਨਹੀਂ ਕਰ ਸਕਣਗੇ ਸਿਤਾਰੇ** : ਪੰਜਾਬ ਅਤੇ ਬਾਲੀਵੁੱਡ ਸਿਤਾਰੇ ਫਿਲਮਾਂ ਦੀ ਪ੍ਰਮੋਸ਼ਨ ਲਈ ਹਰਿਮੰਦਰ ਸਾਹਿਬ ਆਉਂਦੇ ਹਨ। ਉਹ ਮੱਥਾ ਟੇਕਦੇ ਹਨ ਅਤੇ ਆਪਣੇ ਨਾਲ ਕੈਮਰਾ ਮੈਨ ਨਾਲ ਲੈ ਕੇ ਪਹੁੰਚਦੇ ਹਨ। ਇਸ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਵੀ ਇਤਰਾਜ਼ ਉਠਾਇਆ ਗਿਆ ਸੀ। ਪਰ ਹੁਣ ਅਜਿਹਾ ਨਹੀਂ ਹੋਵੇਗਾ। ਸ਼੍ਰੋਮਣੀ ਕਮੇਟੀ ਦਾ ਕਹਿਣਾ ਹੈ ਕਿ ਹਰਿਮੰਦਰ ਸਾਹਿਬ ਆਸਥਾ ਦਾ ਕੇਂਦਰ ਹੈ। ਅਜਿਹੇ 'ਚ ਸਿਤਾਰਿਆਂ ਨੂੰ ਸਿਰਫ ਸ਼ਰਧਾਲੂਆਂ ਦੇ ਰੂਪ 'ਚ ਮੱਥਾ ਟੇਕਣ ਦੀ ਇਜਾਜ਼ਤ ਹੋਵੇਗੀ, ਉਹ ਫਿਲਮ ਦਾ ਪ੍ਰਚਾਰ ਨਹੀਂ ਕਰ ਸਕਣਗੇ।



ਜਉ ਤਉ ਪ੍ਰੇਮ ਖੇਲਣ ਕਾ ਚਾਉ ॥
ਸਿਰੁ ਧਰਿ ਤਲੀ ਗਲੀ ਮੇਰੀ ਆਉ

## ਸਮੂਹ ਸੰਗਤਾਂ ਨੂੰ ਬੇਨਤੀ

# ਚੜ੍ਹਦੀ ਕਲਾ ਵਿੱਚ ਰਹਿ ਵਾਹਿਗੁਰੂ ਦੇ ਭਾਣੇ ਨੂੰ ਮੰਨ, ਭਾਈ ਸਾਹਿਬ ਦੀ ਆਤਮਿਕ ਸ਼ਾਂਤੀ ਲਈ ਪਾਠ ਜਾਪ ਕਰਨ







ਵਾਹਿਗੁਰੂ ਜੀ ਕਾ ਖਾਲਸਾ।
ਵਾਹਿਗੁਰੂ ਜੀ ਕੀ ਫਤਹਿ ॥

ਦੁਨੀਆ ਭਰ ਵਿੱਚ ਵੱਸਦੇ ਸਮੂਹ ਖਾਲਿਸਤਾਨ ਦੇ ਹਮਦਰਦ ਦੋਸਤਾਂ ਮਿੱਤਰਾਂ ਨੂੰ ਸੂਚਿਤ ਕਰਦੀ ਹਾਂ ਕਿ ਮੈਦਾਨੇ ਜੰਗ ਦੇ ਜਲਾਵਤਨੀ ਖਾਲਿਸਤਾਨ ਸਿੱਖ ਯੋਧਾ ਤੇ ਦਲ ਖਾਲਸਾ ਦੇ ਬਾਨੀ ਭਾਈ ਗਜਿੰਦਰ ਸਿੰਘ ਜੀ ਵਾਹਿਗੁਰੂ ਜੀ ਵੱਲੋਂ ਬਖਸੀ ਸਵਾਸਾਂ ਦੀ ਪੂੰਜੀ ਨੂੰ ਪੂਰੀ ਕਰਦਿਆਂ ਹੋਏ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਹਨ।

ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਬਾਪੂ ਜੀ ਦੇ ਆਖਰੀ ਸੁਪਨੇ ਖਾਲਿਸਤਾਨ ਦੀ ਅਜ਼ਾਦੀ ਤੇ ਸਵੈ-ਮਾਣ ਨਾਲ ਜਿਉਣ ਦੇ ਸੰਕਲਪ ਨੂੰ ਤੁਸੀ ਇਕਮੁੱਠ ਹੋ ਕੇ ਪੂਰਾ ਕਰੋਗੇ। ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਉਹ ਚੜ੍ਹਦੀ ਕਲਾ ਵਿੱਚ ਰਹਿ ਵਾਹਿਗੁਰੂ ਦੇ ਭਾਣੇ ਨੂੰ ਮੰਨ, ਭਾਈ ਸਾਹਿਬ ਦੀ ਆਤਮਿਕ ਸ਼ਾਂਤੀ ਲਈ ਪਾਠ ਜਾਪ ਕਰਨ।

ਵਾਹਿਗੁਰੂ ਜੀ ਕਾ ਖਾਲਸਾ।
ਵਾਹਿਗੁਰੂ ਜੀ ਕੀ ਫਤਹਿ ॥

**It is with sadness to inform you about the passing away of my father, Bhai Gajinder Singh , Dal Khalsa.**

My father was not just a parent to me; he was a hero, a symbol of resilience, and an unwavering commitment to justice. His life was a testament to the power of conviction, as he spent four decades in exile, fighting for the cause of Khalistan. His legacy, recounting his extraordinary journey and the values he instilled in those who knew him. Born into a time of political and social upheaval, my father was deeply influenced by the oppressive conditions faced by Sikhs in our homeland. From a young age, he exhibited a strong sense of justice and an unyielding desire to see his community free from oppression. His early life was marked by activism, as he vision and the movement for independence panjab called Khalistan and quickly became a prominent figure in the struggle for Sikh sovereignty, from the 1971 of throwing leaflets at Indira Gandhi as a youth age to the involvement of 1981 hijacking. As his involvement in the Khalistan movement grew, so did the dangers. He faced with persecution, imprisonment, and threats to his life, my father painful decision to go into exile for nearly four decades. Four decades, he lived away from his homeland, enduring the hardships of separation from family and friends. Despite the distance, his spirit remained unbroken. He continued to lead, organize, and inspire from afar, becoming a beacon of hope for those who continued the struggle at home. Even in exile, my father's impact was profound. He forged alliances with international organizations, raising awareness about the plight of Sikhs and garnering support for the cause of Khalistan. His tireless efforts led to significant milestones in the movement, including policy changes and increased global attention. His speeches and writings became rallying cries for freedom fighters, echoing his unwavering belief in justice and self-determination for the Sikh people. In reflecting on my father's life, I am filled with pride and gratitude. His journey as a Khalistan freedom fighter, marked by decades of exile, is a powerful testament to his character and commitment. His legacy continues to inspire and guide us, reminding us of the importance of standing up for what is right, no matter the cost. My father's life was a beacon of hope and a call to action, and his memory will forever live on in the hearts of those who strive for a better, freer world for the Sikh community. His dream and vision for Khalistan.

ਆਵਾਜ਼ਿ ਕੌਮ AWAZE QAUM International Newspaper & WEB TV

## ਤੁਹਾਡੀ ਧੀ

# ਬਿਕਰਮਜੀਤ ਕੋਰ ਪੁੱਤਰੀ ਭਾਈ ਗਜਿੰਦਰ ਸਿੰਘ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net
Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਆਵਾਜ਼ਿ ਕੌਮ AWAZE QAUM TV
ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
100% VEGETARIAN PURE AND NATURAL
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


# ਪੰਜਾਬੀ ਸੱਭਿਆਚਾਰਕ ਕੌਂਸਲ ਤੇ ਵਿਸ਼ਵ ਗੱਤਕਾ ਫੈਡਰੇਸ਼ਨ ਨੇ ਤਨਮਨਜੀਤ ਢੇਸੀ ਤੇ ਪ੍ਰੀਤ ਗਿੱਲ ਨੂੰ ਯੂ.ਕੇ. ਦੀ ਸੰਸਦੀ ਚੋਣ ਜਿੱਤਣ 'ਤੇ ਦਿੱਤੀ ਵਧਾਈ

## ਦਸ ਸਿੱਖ ਮੈਂਬਰ ਚੁਣੇ ਜਾਣਾ ਪੰਜਾਬੀ ਭਾਈਚਾਰੇ ਲਈ ਇੱਕ ਵੱਡਾ ਮੀਲ ਪੱਥਰ



**ਚੰਡੀਗੜ੍ਹ, 5 ਜੁਲਾਈ (ਆਵਾਜ਼ਿ ਕੌਮ ਬਿਊਰੋ)**-Punjabi Cultural Council ਪੰਜਾਬੀ ਸਭਿਆਚਾਰਕ ਕੌਂਸਲ ਅਤੇ WORld Gatka Federation ਵਿਸ਼ਵ ਗੱਤਕਾ ਫੈਡਰੇਸ਼ਨ ਨੇ ਤਨਮਨਜੀਤ ਸਿੰਘ ਢੇਸੀ ਅਤੇ ਪ੍ਰੀਤ ਕੌਰ ਗਿੱਲ ਵੱਲੋਂ ਯੂਕੇ ਦੀਆਂ ਆਮ ਚੋਣਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜੀ ਵਾਰ ਮੁੜ ਜੇਤੂ ਹੋਣ 'ਤੇ ਨਿੱਘੀ ਵਧਾਈ ਦਿੱਤੀ ਹੈ। ਸ਼ੁੱਕਰਵਾਰ ਨੂੰ ਆਏ ਨਤੀਜਿਆਂ ਵਿੱਚ ਲੇਬਰ ਪਾਰਟੀ ਵੱਲੋਂ ਦਰਜ ਕੀਤੀ ਹੂੰਝਾਫੇਰੂ ਜਿੱਤ ਨਾਲ ਯੂਕੇ ਦੇ ਹਾਊਸ ਆਫ ਕਾਮਨਜ਼ ਵਿੱਚ ਮਹੱਤਵਪੂਰਨ ਨੁਮਾਇੰਦਗੀ ਹਾਸਲ ਕੀਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬੀ ਕਲਚਰਲ ਕੌਂਸਲ ਦੇ ਚੇਅਰਮੈਨ ਅਤੇ ਸਟੇਟ ਐਵਾਰਡ ਜੇਤੂ ਹਰਜੀਤ ਸਿੰਘ ਗਰੇਵਾਲ ਨੇ ਆਪਣੇ ਵਧਾਈ ਸੰਦੇਸ਼ ਇਨ੍ਹਾਂ ਚੋਣਾਂ ਵਿੱਚ ਸਿੱਖ ਕੌਮ ਦੇ ਨੇਤਾਵਾਂ ਦੀ ਵਕਾਰੀ ਜਿੱਤ ਨਾਲ ਰਚੇ ਇਤਿਹਾਸ 'ਤੇ ਮਾਣ ਜ਼ਾਹਰ ਕੀਤਾ ਹੈ। ਉਨ੍ਹਾਂ ਕਿਹਾ ਕਿ ਬਰਤਾਨਵੀ ਪਾਰਲੀਮੈਂਟ ਲਈ ਪਹਿਲੀ ਵਾਰ ਦਸ ਸਿੱਖ ਮੈਂਬਰ ਚੁਣੇ ਜਾਣਾ ਇੱਕ ਮਿਸਾਲੀ ਗੱਲ ਹੈ ਤੇ ਲੇਬਰ ਪਾਰਟੀ ਦੀ ਨੁਮਾਇੰਦਗੀ ਕਰਦੇ ਇਨ੍ਹਾਂ ਦਸ ਸੰਸਦ ਮੈਂਬਰਾਂ ਚੋਂ ਪੰਜ ਔਰਤਾਂ ਹਨ। ਜ਼ਿਕਰਯੋਗ ਹੈ ਕਿ ਸਲੋਹ ਸੰਸਦੀ ਹਲਕੇ ਤੋਂ ਤਨਮਨਜੀਤ ਸਿੰਘ ਢੇਸੀ ਅਤੇ ਬਰਮਿੰਘਮ ਐਜਬੈਸਟਨ ਹਲਕੇ ਤੋਂ ਪ੍ਰੀਤ ਕੌਰ ਗਿੱਲ ਲਗਾਤਾਰ ਦੂਜੀ ਵਾਰ ਚੁਣੇ ਗਏ ਹਨ, ਜੋ ਪਹਿਲਾਂ ਵੀ ਯੂ.ਕੇ. ਦੀ ਪਾਰਲੀਮੈਂਟ ਵਿੱਚ ਸਿੱਖਾਂ ਅਤੇ ਹੋਰ ਸਮਾਜਿਕ ਮਸਲੇ ਉਠਾਉਣ ਲਈ ਖੁੱਲ ਕੇ ਨਿੱਤਰਦੇ ਰਹੇ ਹਨ। ਗਰੇਵਾਲ ਨੇ ਕਿਹਾ ਕਿ ਇਸ ਤੋਂ ਇਲਾਵਾ, ਅੱਠ ਨਵੇਂ ਚੁਣੇ ਗਏ ਸਿੱਖ ਸੰਸਦ ਮੈਂਬਰ ਪਹਿਲੀ ਵਾਰ ਹਾਊਸ ਆਫ ਕਾਮਨਜ਼ ਵਿੱਚ ਦਾਖਲ ਹੋ ਰਹੇ ਹਨ, ਜੋ ਪੰਜਾਬੀ ਭਾਈਚਾਰੇ ਲਈ ਇੱਕ ਵੱਡਾ ਮੀਲ ਪੱਥਰ ਹੈ। ਇਸ ਦੌਰਾਨ ਵਿਸ਼ਵ ਗੱਤਕਾ ਫੈਡਰੇਸ਼ਨ ਦੇ ਜਨਰਲ ਸਕੱਤਰ ਬਲਜੀਤ ਸਿੰਘ ਨੇ ਬਰਤਾਨੀਆ ਦੇ ਵੋਟਰਾਂ ਅਤੇ ਸਮਰਥਕਾਂ ਦਾ ਬਰਤਾਨੀਆ ਵਿੱਚ ਤਬਦੀਲੀ, ਏਕਤਾ ਅਤੇ ਤਰੱਕੀ ਦੇ ਮੁਹਤਬਾਰ ਇਨ੍ਹਾਂ ਸਿੱਖ ਆਗੂਆਂ 'ਤੇ ਭਰੋਸਾ ਰੱਖਣ ਲਈ ਤਹਿ ਦਿਲੋਂ ਧੰਨਵਾਦ ਕੀਤਾ ਹੈ। ਇਸ ਵਧਾਈ ਸੰਦੇਸ਼ ਵਿੱਚ ਪੰਜਾਬੀ ਸਭਿਆਚਾਰਕ ਕੌਂਸਲ ਅਤੇ ਵਿਸ਼ਵ ਗੱਤਕਾ ਫੈਡਰੇਸ਼ਨ ਨੇ ਸਾਰੇ ਨਵੇਂ ਚੁਣੇ ਗਏ ਸੰਸਦ ਮੈਂਬਰਾਂ ਦੇ ਲੋਕ ਸੇਵਾ ਅਤੇ ਸਖ਼ਤ ਮਿਹਨਤ ਦੀ ਪ੍ਰਸ਼ੰਸਾ ਕਰਦਿਆਂ ਸਿੱਖ ਭਾਈਚਾਰੇ ਦੇ ਨਾਲ-ਨਾਲ ਹੋਰ ਸਮਾਜਿਕ ਮੁੱਦਿਆਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਨ ਲਈ ਉਨ੍ਹਾਂ ਸੰਸਦ ਮੈਂਬਰਾਂ ਵੱਲੋਂ ਨਿਰੰਤਰ ਯਤਨ ਜਾਰੀ ਰੱਖਣ ਦੀ ਆਸ ਪ੍ਰਗਟਾਈ ਹੈ ਉਨ੍ਹਾਂ ਨੇ ਨਵੇਂ ਚੁਣੇ ਸੰਸਦ ਮੈਂਬਰਾਂ ਲਈ ਯੂ.ਕੇ ਦੇ ਆਮ ਲੋਕਾਂ ਅਤੇ ਪੰਜਾਬੀ ਭਾਈਚਾਰੇ ਦੇ ਸਰੋਕਾਰਾਂ ਹਿੱਤ ਨਿਰੰਤਰ ਸੇਵਾ ਅਤੇ ਸਫਲਤਾ ਦੀ ਕਾਮਨਾ ਕੀਤੀ।


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07751-28621







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖ਼ਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









## www.khalsaforge.com


ਸ੍ਰੀ ਅਕਾਲ ਤਖਤ ਸਾਹਿਬ (ਸ੍ਰੀ ਹਰਿਮੰਦਰ ਸਾਹਿਬ) ਉੱਤੇ ਹਿੰਦੁਸਤਾਨੀ ਹਕੂਮਤ ਵਲੋ ੪੦ ਸਾਲ ਪਹਿਲਾਂ ਹੋਏ ਹਮਲੇ ਅਤੇ ਜੂਨ ੧੯੮੪ ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ
ਸ਼ਹੀਦੀ ਸਮਾਗਮ
ਗੁਰੂ ਨਾਨਕ ਗੁਰਦੁਆਰਾ ਵੁਲਵਰਹੈਂਪਟਨ
(ਸੈਜਲੀ ਸਟਰੀਟ), WV2 3AJ ਵਿਖੇ
ਸਨਿਚਰਵਾਰ ੬ ਜੁਲਾਈ ਅਤੇ ਐਤਵਾਰ ੭ ਜੁਲਾਈ ੨੦੨੪ ਨੂੰ
ਸ਼ਹੀਦੀ ਸਮਾਗਮ ਰੱਖੇ ਗਏ ਨੇ।
ਸਨਿਚਰਵਾਰ ੫ ਵਜੇ ਤੋਂ ੮:੩੦ ਵਜੇ ਤਕ (ਹਾਲ ੪)
ਐਤਵਾਰ ੧੧:੩੦ ਵਜੇ ਤੋਂ ੪ ਵਜੇ ਤਕ (ਮੇਨ ਹਾਲ)
ਵਲੋਂ: ਦਮਦਮੀ ਟਕਸਾਲ ਜਥਾ ਯੂਕੇ ਅਤੇ ਯੂਰਪ ਅਤੇ ਸਮੂਹ ਸਾਧ ਸੰਗਤ
ORGANISED BY: DAMDAMI TAKSAL UK & EUROPE AND SADH SANGAT
SHAHEEDI
SMAGAM
IN REMEMBRANCE OF THE SHAHEEDS OF 1984
GURU NANAK GURDWARA | 191 DUNCAN ST, WOLVERHAMPTON WV2 3AJ
GIANI SATNAM SINGH JI DAMDAMI TAKSAL
GIANI NAVDEEP SINGH JI AJNALA
GIANI SUKHRAJ SINGH JI DAMDAMI TAKSAL
BHAI AMANDEEP SINGH JI SRI DARBAR SAHIB
BHAI MAHADEEP SINGH JI SRI DARBAR SAHIB
DHADI JATHA GIANI TARLOCHAN SINGH BHAMADI
BHAI BALDEV SINGH JI DAMDAMI TAKSAL
BHAI GURJEET SINGH JI DAMDAMI TAKSAL
BHAI SUKHJINDER SINGH
BHAI HARI SINGH JI
GIANI GURJINDER SINGH JI DAMDAMI TAKSAL
GIANI BALBIR SINGH DAMDAMI TAKSAL
DHADI RASAAL SINGH CHOLA SAHIB
SATURDAY 6TH (HALL 4)
5PM-8:30PM
SUNDAY 7TH (MAIN HALL)
11:30AM-4PM
AT GNG SEDGLEY STREET
BHAI HARJINDER SINGH JI 07956 007 161 | GIANI GURJINDER SINGH JI 07400 830 403
BHAI GURJIT SINGH JI 07508 943 570 | BHAI BHERVINDER SINGH JI 07985 246 484
DAMDAMI TAKSAL JATHA (UK & EUROPE)
SIKH INSPIRE
40
1984
ਆਵਾਜ਼ਿ ਕੌਮ AWAZE QAUM International Newspaper & WEB TV
ਸਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਕਾਰਜਕਾਰੀ ਮੁਖੀ ਦਮਦਮੀ ਟਕਸਾਲ ਦੇ ਅਸ਼ੀਰਵਾਰ ਸਦਕਾ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ||1 ||

**As His Decree is issued, so is His command obeyed**
**Those who are sent, come, O Nanak; when they are called back, they depart and go. ||1||**

# IN LOVING MEMORY OF

13.02.1955 — 18.06.2024



# Gurbax Kaur

ਆਵਾਜ਼ਿ ਕੌਮ AWAZE QAUM International Newspaper & WEB TV

## ANTAM SANSKAAR

Guru Nanak Gurdwara Smethwick,
130 High St, Smethwick B66 3AP
10:00AM

Sandwell Valley Crematorium, Newton Road, West Bromwich,
West Midlands, B71 3SX
12:00PM

Guru Nanak Gurdwara Smethwick,
130 High St, Smethwick B66 3AP,
United Kingdom main hall (first floor)
1:30PM

SATURDAY **6th** AT 10AM
JULY

Mobile- 07855 106265

**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ।**

ਬੀਬੀ ਗੁਰਬਖ਼ਸ਼ ਕੌਰ ਧਰਮ ਸੁਪਤਨੀ ਸਰਦਾਰ ਮਲਕੀਤ ਸਿੰਘ ਤੇਹਿੰਗ ਵਾਹਿਗੁਰੂ ਜੀ ਦੇ ਹੁਕਮ ਅਨੂੰਸਾਰ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਸੁਆਸਾਂ ਨੂੰ ਸੰਪੂਰਨ ਕਰਦੇ ਹੋਏ ਅਕਾਲ ਪੁਰਖ ਦੇ ਚਰਨਾ ਵਿੱਚ ਜਾ ਬਿਰਾਜੇ ਹਨ।

**ਉਨ੍ਹਾਂ ਦੇ ਅੰਤਿਮ ਸੰਸਕਾਰ ਦਿਨ ਸ਼ਨਿਚਰਵਾਰ 6 ਜੁਲਾਈ 2024 ਵਾਲੇ ਦਿਨ ਹੋ ਰਹੇ ਹਨ ।**

**ਅੰਤਿਮ ਦਰਸ਼ਨ - ਸਵੇਰੇ 10.00 ਵਜੇ ਗੁਰੂ ਨਾਨਕ ਗੁਰਦੁਆਰਾ ਸਮੈਦਿਕ ਵਿਖੇ ਕਰਵਾਏ ਜਾਣਗੇ ।**

**ਅੰਤਿਮ ਸੰਸਕਾਰ - 12.00pm Sandwell Valley Crematorium (B71 3SX) ਵਿਖੇ**

ਉਨ੍ਹਾਂ ਦੇ ਨਮਿਤ ਸ੍ਰੀ ਸਹਿਜ ਪਾਠ ਦੇ ਭੋਗ 1.30pm ਗੁਰੂ ਨਾਨਕ ਗੁਰਦੁਆਰਾ ਸਮੈਦਿਕ (BFF CAP) ਉੱਪਰਲੇ ਮੇਨ ਦਰਬਾਰ ਸਾਹਿਬ ਵਿੱਚ ਪਾਏ ਜਾਣਗੇ। ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਹੈ ਕਿ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪ੍ਰਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ। ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥

# "ਪਾਠ ਦਾ ਭੋਗ ਅਤੇ ਅੰਤਿਮ ਅਰਦਾਸ"



ਆਵਾਜ਼ਿ ਕੌਮ AWAZE QAUM International Newspaper & WEB TV

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਖਾੜਕੂ ਸੰਘਰਸ਼ ਦੇ ਮਹਾਨ ਯੋਧੇ ਭਾਈ ਵਸਣ ਸਿੰਘ ਜਫ਼ਰਵਾਲ ਦੇ ਸਤਿਕਾਰਯੋਗ

## ਮਾਤਾ ਕੁਲਵੰਤ ਕੌਰ ਜੀ

ਜੋ ਮਿਤੀ 27 ਜੂਨ ਦਿਨ ਵੀਰਵਾਰ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ।

**ਮਾਤਾ ਜੀ ਦੀ ਯਾਦ ਵਿਚ ਅਤੇ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ**

## ਮਿਤੀ 6 ਜੁਲਾਈ 2024, ਦਿਨ ਸ਼ਨੀਵਾਰ ਨੂੰ ਦੁਪਿਹਾ 12:00 ਤੋ 02:00 ਵੱਜੇ ਤੱਕ ਭਾਈ ਜਫ਼ਰਵਾਲ ਦੇ ਗ੍ਰਿਹ ਵਿਖੇ ਪੈਣਗੇ

**ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।**

ਵਾਹਿਗੁਰੂ ਦੇ ਭਾਣੇ 'ਚ

**ਭਾਈ ਵਸਣ ਸਿੰਘ ਜਫ਼ਰਵਾਲ ਅਤੇ ਸੰਮੂਹ ਪਰਿਵਾਰ**

**+91-78370-90700**


ਗੁਰਬਾਣੀ ਕਥਾ ਵਿਚਾਰ
ਦਿੱਲੀ ਵਿਖੇ
ਗੁਰੂਦੁਆਰਾ ਸ਼ੀਸ ਗੰਜ ਸਾਹਿਬ, ਦਿੱਲੀ
06 ਜੁਲਾਈ 2024, ਸ਼ਨੀਵਾਰ
ਸਵੇਰੇ 07:30 ਤੋਂ 08:30 ਤੱਕ
LIVE ON PTC ਸਿੱਮਰਨ
ਗੁਰੂਦੁਆਰਾ ਬੰਗਲਾ ਸਾਹਿਬ, ਦਿੱਲੀ
07 ਜੁਲਾਈ 2024, ਐਤਵਾਰ
ਸਵੇਰੇ 07:30 ਤੋਂ 08:30 ਤੱਕ
LIVE ON CHARDIKLA TIME TV
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
9814015740, 9356060960


ਪਾਣੀ ਹੈ ਜੀਵਨ ਦਾ ਅਨਮੋਲ ਰਤਨ ਇਸ ਨੂੰ ਬਚਾਉਣ ਦਾ ਕਰੋ ਯਤਨ ।
ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥
ਦਰਿਆਵਾਂ ਵਿੱਚ ਸੁੱਟੇ ਜ਼ਹਿਰਲੇ ਪਾਣੀ ਨੂੰ ਰੋਕਣ ਸਬੰਧੀ 8 ਜੁਲਾਈ ਨੂੰ 1 ਵਜੇ ਨਰੋਆ ਪੰਜਾਬ ਮੰਚ ਵੱਲੋ ਅਹਿਮ ਮੀਟਿੰਗ ਬਾਬਾ ਵਿਸ਼ਵਕਰਮਾ ਗੁਰਦੁਆਰਾ ਸਾਹਿਬ (ਨੇੜੇ ਕੰਮੇਆਣਾ ਚੌਂਕ ) ਫਰੀਦਕੋਟ ਵਿਖੇ ਕੀਤੀ ਜਾ ਰਹੀ ਹੈ !
ਸੋ ਆਓ ਆਪਣਾ ਅਤੇ ਆਪਣੇ ਬੱਚਿਆਂ ਦੇ ਤੰਦਰੁਸਤ ਭਵਿੱਖ ਲਈ ਪਾਰਟੀ ਬਾਜ਼ੀ / ਧੱੜੇਬੰਦੀ ਤੋਂ ਉੱਪਰ ਉੱਠਕੇ ਇਕੱਠੇ ਹੋਈਏ। ਸਰਕਾਰਾਂ ਨੂੰ ਇਹ ਜ਼ਹਿਰ ਰੋਕਣ ਲਈ ਮਜਬੂਰ ਕਰੀਏ ।
ਸੋ ਆਓ ਇਕੱਠੇ ਹੋ ਕੇ ਹੰਭਲਾ ਮਾਰੀਏ , ਸਮੂਹ ਰਾਜਨੀਤਿਕ ਪਾਰਟੀਆਂ ,
ਕਿਸਾਨ ,ਮਜ਼ਦੂਰ ,ਮੁਲਾਜ਼ਮ,ਵਪਾਰਕ,ਸਮਾਜਿਕ ,ਧਾਰਮਿਕ,ਬੁੱਧੀਜੀਵੀ,ਸਾਹਿਤਿਕ ,
ਵਾਤਾਵਰਨ ਪ੍ਰੇਮੀ ਜੱਥੇਬੰਦੀਆ ਨੂੰ ਨਿਮਰਤਾ ਬੇਨਤੀ ਹੈ ਸਮੇਂ ਸਿਰ ਮੀਟਿੰਗ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ ਜੀ। ਅਗਲੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਸਾਂਝੀ ਕਰ ਸਕੀਏ।
ਕਾਲੇ ਪਾਣੀ ਦਾ ਮੋਰਚਾ
ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਆਗੂ
ਕਾਲੇ ਪਾਣੀ ਦਾ ਮੋਰਚਾ
ਲੱਖਾ ਸਿੰਘ ਸਿਧਾਣਾ, ਅਮਤੋਜ ਮਾਨ , ਜਸਕੀਰਤ ਸਿੰਘ ਕੈਮੀਕਲ ਇੰਜੀਨੀਅਰ , ਲੁਧਿਆਣਾ (ਕੋਆਰਡੀਨੇਟਰ ਨਰੋਆ ਪੰਜਾਬ ਮੰਚ) ਦਲੇਰ ਸਿੰਘ ਡੋਡ , ਕੰਵਲਜੀਤ ਸਿੰਘ ਬਰਾੜ ਖੋਟੇ, ਮਹਿੰਦਰਪਾਲ ਲੂੰਬਾ (ਮੋਗਾ )ਆਦਿ ।
ਬੇਨਤੀ ਕਰਤਾ ਗੁਰਪ੍ਰੀਤ ਸਿੰਘ ਚੰਦ ਬਾਜਾ ਭਾਈ ਮੱਘਰ ਸਿੰਘ ਫਰੀਦਕੋਟ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਸਥਾਪਨਾ ਦਿਵਸ

ਸਿਰਜਨਾ ਦਿਵਸ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਮੀਰੀ ਪੀਰੀ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

**ਸ਼ਨਿੱਚਰਵਾਰ 6 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 7 ਜੁਲਾਈ 2024 ਨੂੰ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਢਾਡੀ ਜਥਾ ਗਿਆਨੀ ਸੁਖਬੀਰ ਸਿੰਘ ਭੌਰ ਢਾਡੀ ਵਾਰਾਂ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਛਬੀਲ ਵੀ ਲੱਗੇਗੀ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ✯ ਫੋਟੋ ਗੈਲਰੀ ✯



ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ ਗਿਆਨੀ ਪਿੰਦਰਪਾਲ ਸਿੰਘ ਜੀ ਦੇ ਜਨਮ ਦਿਨ ਦੀਆਂ ਖ਼ੁਸੀਆਂ ਵਿੱਚ ਭਾਈ ਸਾਹਿਬ ਜੀ ਨੂੰ ਸਿਰਪਾਉ ਦਿੰਦੇ ਹੋਏ ਤੇਰੀ ਓਟ ਆਸੀਆਨ ਦੇ ਮੁੱਖੀ ਅਤੇ ਸਿੱਖ ਪੰਥ ਦੇ ਮਹਾਨ ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਗਦਲੀ, ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ। **( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**

### ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਦੇ ਵੱਡੇ ਭਰਾਤਾ ਨੇ

# ਭਾਰਤ ਦੀ ਨਿਆਂ ਪ੍ਰਣਾਲੀ ਤੇ ਉਠਾਏ ਵੱਡੇ ਸਵਾਲ

## ਭਾਈ ਅੰਮ੍ਰਿਤਪਾਲ ਸਿੰਘ ਜੀ ਨੂੰ ਸੌਂਹ ਚੁੱਕਣ ਲਈ ਲਿਆਉਣ ਸਮੇਂ ਜੰਗੀ ਕੈਦੀਆਂ ਤੋਂ ਵੀ ਮਾੜਾ ਸਲੂਕ ਕਰਨਾਂ ਲੋਕਤੰਤਰ ਦੀ ਹੱਤਿਆ : ਭਾਈ ਭੁਪਿੰਦਰ ਸਿੰਘ ਗੱਦਲੀ

**ਅੰਮ੍ਰਿਤਸਰ, 5 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਐਨ ਐਸ ਏ ਅਧੀਨ ਡਿਬਰੂਗੜ੍ਹ ਜੇਲ ਵਿੱਚ ਨਜ਼ਰਬੰਦ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਵੱਡੇ ਫਰਕ ਨਾਲ ਜੇਤੂ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਨੂੰ ਬਤੌਰ ਮੈਂਬਰ ਪਾਰਲੀਮੈਂਟ ਸੌਂਹ



ਚੁਕਾਉਣ ਲਈ ਜਿਸ ਪ੍ਰਕਾਰ ਨਾਲ ਬੰਦੀ ਬਣਾਂਕੇ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਤੋਂ ਦਿੱਲੀ ਲਿਆਂਦਾ ਗਿਆ ਹੈ ਬਹੁਤ ਹੀ ਅਫ਼ਸੋਸਜਨਕ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ 1984 ਵਿੱਚ ਸ੍ਰੀ ਦਰਬਾਰ ਸਾਹਿਬ ਤੇ ਹਮਲਾ ਕਰਨ ਵਾਲੇ ਜਰਨਲ ਵੈਦਿਆ ਨੂੰ ਸੋਧਾ ਲਾਕੇ ਸਿੱਖ ਕੌਮ ਲਈ ਫਾਂਸੀ ਚੜਨ ਵਾਲੇ ਸ਼ਹੀਦ ਭਾਈ ਹਰਜਿੰਦਰ ਸਿੰਘ ਜੀ ਜਿੰਦਾ ਦੇ ਵੱਡੇ ਭਰਾਤਾ ਭਾਈ ਭੁਪਿੰਦਰ ਸਿੰਘ ਜੀ ਗੱਦਲੀ ਨੇ ਪ੍ਰੈਸ ਨੂੰ ਭੇਜੇ ਗਏ ਇਕ ਪ੍ਰੈਸ ਨੋਟ ਰਾਹੀਂ ਕੀਤਾ। ਭਾਈ ਭੁਪਿੰਦਰ ਸਿੰਘ ਗੱਦਲੀ ਨੇ ਆਪਣੇ ਪ੍ਰੈਸ ਨੋਟ ਰਾਹੀਂ ਦੇਸ਼ ਦੀ ਨਿਆਂ ਪ੍ਰਣਾਲੀ ਤੇ ਬਹੁਤ ਵੱਡੇ ਸਵਾਲ ਖੜੇ ਕੀਤੇ ਹਨ। ਉਹਨਾਂ ਕਿਹਾ ਦੇਸ਼ ਕੌਮ ਲਈ ਹੱਸ-ਹੱਸ ਕੁਰਬਾਨੀਆਂ ਕਰਨ ਵਾਲੀ ਸਿੱਖ ਕੌਮ ਦੇ ਹਿੱਸੇ 95% ਕੁਰਬਾਨੀਆਂ ਆਈਆਂ ਹਨ, ਪ੍ਰੰਤੂ ਦੇਸ਼ ਦੀ ਆਜ਼ਾਦੀ ਤੋਂ ਬਾਅਦ ਬਿਲਕੁਲ ਇਸਦੇ ਉਲਟ ਸਿੱਖਾਂ ਦੇ ਹਿੱਸੇ 5% ਇਨਸਾਫ਼ ਮਿਲਣਾਂ ਤਾਂ ਦੂਰ ਗੱਲ ਸਗੋਂ ਹਰ ਖੇਤਰ ਵਿੱਚ ਸਿੱਖ ਕੌਮ ਨੂੰ ਲਤਾੜਿਆ ਗਿਆ ਤੇ ਸਾਡੇ ਅਧਿਕਾਰਾਂ ਨੂੰ ਦਬਾਇਆ ਗਿਆ ਹੈ। ਉਹਨਾਂ ਕਿਹਾ ਕਿ ਲੰਮੇ ਸਮੇਂ ਤੋਂ ਆਪਣੀਂ ਸਜ਼ਾ ਪੂਰੀ ਕਰ ਚੁੱਕੇ ਸਿੱਖ ਕੌਮ ਦੇ ਬੰਦੀ ਸਿੰਘਾਂ ਦੀ ਰਿਹਾਈ ਦਾ ਮਾਮਲਾ ਅਜੇ ਤੱਕ ਲੰਬਿਤ ਹੈ ਅਤੇ ਉਸ ਤੋਂ ਵੀ ਤਾਜ਼ਾ ਮਿਸਾਲ ਇਸ ਵੇਲੇ ਦੀ ਕੇਂਦਰ ਅਤੇ ਪੰਜਾਬ ਸਰਕਾਰ ਵਲੋਂ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਅਤੇ ਉਹਨਾਂ ਦੇ ਸਾਥੀਆਂ ਨਾਲ ਕੀਤੀ ਗਈ ਧੱਕੇਸ਼ਾਹੀ ਤੋਂ ਮਿਲਦੀ ਹੈ। ਜਿਸ ਦਾ. ਲੋਕ ਸਭਾ ਹਲਕਾ ਖਡੂਰ ਸਾਹਿਬ ਅਤੇ ਫਰੀਦਕੋਟ ਦੇ ਲੋਕਾਂ ਨੇ ਪੰਥਕ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਕਰਾਰਾ ਜਵਾਬ ਦਿੱਤਾ ਹੈ। ਪ੍ਰੰਤੂ ਇਸੇ ਲੋਕਤੰਤਰ ਦੀ ਪੂਰੀ ਦੁਨੀਆਂ ਵਿੱਚ ਦੁਹਾਈ ਪਾਰਾ ਕਰਨ ਵਾਲੀ ਸੱਤਾ ਧਿਰ ਨੇ ਕਨੂੰਨ ਦੇ ਹੀ ਨੱਕ ਵਿੱਚ ਨੱਥ ਪਾ ਕੇ ਰੱਖੀ ਹੋਈ ਹੈ ਜਿਸ ਨਾਲ ਉਹ ਜਦੋਂ ਚਾਹਵੇ ਜਿਸ ਤਰਫ਼ ਚਾਹਵੇ ਇਸਨੂੰ ਮੋੜ ਲੈਂਦੀ ਹੈ। ਸ੍ਰ ਭੁਪਿੰਦਰ ਸਿੰਘ ਜੀ ਗੱਦਲੀ ਨੇ ਕਿ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਨੂੰ ਭਾਰੀ ਬਹੁਮਤ ਨਾਲ ਜਿੱਤਣ ਦੇ ਬਾਵਜੂਦ ਵੀ ਸੌਂਹ ਚੁੱਕਣ ਲਈ ਲਿਆਉਣ ਸਮੇਂ ਜੰਗੀ ਕੈਦੀਆਂ ਤੋਂ ਵੀ ਮਾੜਾ ਰਵੱਈਆ ਕਰਨਾਂ, ਉਹਨਾਂ ਤੇ ਤਰਾਂ-ਤਰਾਂ ਦੀਆਂ ਪਾਬੰਦੀਆਂ ਆਇਦ ਕਰਨੀਆਂ, ਪਰਿਵਾਰ ਅਤੇ ਬਾਕੀ ਸਮਰਥਕਾਂ



ਨੂੰ ਮਿਲਣ ਨਾਂ ਦੇਣਾਂ, ਪੈਰੋਲ ਦੇ ਕੇ ਵੀ ਕੈਦੀਆਂ ਵਾਲਾ ਸਲੂਕ ਕਰਨਾਂ ਸਰਾਸਰ ਲੋਕਤੰਤਰ ਤੇ ਮਨੁੱਖੀ ਅਧਿਕਾਰਾਂ ਦੀ ਹੱਤਿਆ ਹੈ। ਉਹਨਾਂ ਕਿਹਾ ਕਿ ਇਸ ਵਕਤ ਸਾਰੀ ਦੁਨੀਆਂ ਭਾਰਤ ਵਿੱਚ ਘੱਟ ਗਿਣਤੀਆਂ ਨਾਲ ਖਾਸ ਕਰਕੇ ਸਿੱਖ ਕੌਮ ਨਾਲ ਹੋ ਰਹੀ ਧੱਕੇਸ਼ਾਹੀ ਤੇ ਟਿਕਟਿਕੀ ਲਗਾ ਕੇ ਵੇਖ ਰਹੀ ਹੈ ਜਦੋਂ ਕਿ ਕੈਨੇਡਾ ਅਤੇ ਅਮਰੀਕਾ ਨੇ ਮੋਹਰੀ ਹੋਕੇ ਭਾਰਤ ਦੀਆਂ ਖੁਫੀਆ ਏਜੰਸੀਆਂ ਵੱਲੋਂ ਉਹਨਾਂ ਮੁਲਕਾਂ ਵਿੱਚ ਜਾਕੇ ਸਿੱਖ ਲੀਡਰਾਂ ਦੀਆਂ ਕੀਤੀਆਂ ਨਾਜਾਇਜ਼ ਹੱਤਿਆਵਾਂ ਤੇ ਸਖ਼ਤ ਐਕਸ਼ਨ ਵੀ ਲਿਆ ਹੈ ਤੇ ਭਾਰਤ ਨੂੰ ਸਾਰੀ ਦੁਨੀਆਂ ਦੇ ਕਟਿਹਰੇ ਚ' ਖੜਾ ਕਰ ਦਿੱਤਾ ਹੈ। ਭਾਰਤ ਵੱਲੋਂ ਆਪਣੇ ਅਤੇ ਬਾਹਰਲੇ ਮੁਲਕਾਂ ਵਿੱਚ ਰਹਿ ਰਹੇ ਸਿੱਖਾਂ ਨੂੰ ਨਿਸ਼ਾਨਾ ਬਣਾਉਣਾਂ, ਦੇਸ਼ ਦੀ ਲੋਕਤੰਤਰ ਪ੍ਰਣਾਲੀ ਰਾਹੀਂ ਜਿੱਤੇ ਲੋਕ ਸਭਾ ਉਮੀਦਵਾਰ ਨਾਲ ਹੀ ਕੈਦੀਆਂ ਵਾਲਾ ਸਲੂਕ ਕਰਨਾਂ ਇਕ ਘਟੀਆ ਤੇ ਗਿਰੀ ਹੋਈ ਹਰਕਤ ਹੈ। ਅਖੀਰ ਵਿੱਚ ਭਾਈ ਭੁਪਿੰਦਰ ਸਿੰਘ ਨੇ ਸੁਪਰੀਮ ਕੋਰਟ ਦੇ ਚੀਫ ਜਸਟਿਸ ਤੋਂ ਮੰਗ ਕੀਤੀ ਕਿ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਨੇ ਭਾਵੇਂ ਸਰਕਾਰੀ ਪਾਬੰਧੀਆਂ ਚ' ਹੀ ਸਹੀ ਪਰ ਅੱਜ ਬਤੌਰ ਮੈਂਬਰ ਪਾਰਲੀਮੈਂਟ ਦੇਸ਼ ਦੇ ਸੰਵਿਧਾਨ ਦੀ ਸੌਂਹ ਚੁੱਕ ਲਈ ਹੈ ਅਤੇ ਉਹ ਵੀ ਹੁਣ ਦੇਸ਼ ਦੀ ਸਰਵ-ਉੱਚ ਪੰਚਾਇਤ ਦੇ ਕਨੂੰਨੀ ਤੌਰ ਮੈਂਬਰ ਬਣ ਗਏ ਹਨ। ਹਣ ਬਾਕੀ ਲੋਕ ਸਭਾ ਮੈਂਬਰਾਂ ਵਾਂਗ ਉਹਨਾਂ ਨੂੰ ਵੀ ਆਪਣੇ ਹਲਕੇ, ਆਪਣੇ ਲੋਕਾਂ ਦੀ ਗੱਲ ਦੇਸ਼ ਦੀ ਪਾਰਲੀਮੈਂਟ ਵਿੱਚ ਰੱਖਣ ਦਾ ਪੂਰਨ ਅਧਿਕਾਰ ਹੈ। ਸੋ ਸੂ ਮੋਟੋ ਲੈਂਦੇ ਹੋਏ ਜਲਦ ਤੋਂ ਜਲਦ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਤੇ ਲੱਗੀ ਐਨ ਐਸ ਏ ਹਟਾ ਕੇ ਉਹਨਾਂ ਨੂੰ ਆਪਣੇ ਲੋਕ ਸਭਾ ਹਲਕੇ ਵਿੱਚ ਵਿਚਰਣ ਦੀ ਇਜਾਜ਼ਤ ਦਿੱਤੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਹਕੂਮਤ ਦੀ ਤਾਨਾਸ਼ਾਹੀ ਦਾ ਸਿਖਰ



### ਹਕੂਮਤ ਦੀ ਤਾਨਾਸ਼ਾਹੀ ਦਾ ਸਿਖਰ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਮੀਡੀਆ ਸਾਹਮਣੇ ਵੋਟਰਾਂ ਦਾ ਧੰਨਵਾਦ ਕਰਨ ਤੱਕ ਦੀ ਵੀ ਇਜਾਜ਼ਤ ਨਹੀਂ ਸਖਤ ਧਰਾਵਾਂ ਯੂ ਏ ਪੀ ਏ ਤੇ ਐਨ ਐਸ ਏ ਹੁਣ ਤੱਕ ਸਿੱਖ ਨੌਜਵਾਨਾਂ ਦੀ ਜਵਾਨੀ ਗਾਲਣ ਲਈ ਹੀ ਵਰਤੀ ਗਈਆਂ ਕੋਰਟਾ ਵਿੱਚ ਹਕੂਮਤਾਂ ਕੋਲ ਅਜਿਹੇ ਕੇਸਾਂ ਚ ਕੱਢਣ ਪਾਉਣ ਨੂੰ ਕੁਝ ਨਹੀਂ ਹੁੰਦਾ....

ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਮੀਡੀਆ ਸਾਹਮਣੇ ਵੋਟਰਾਂ ਦਾ ਧੰਨਵਾਦ ਕਰਨ ਤੱਕ ਦੀ ਵੀ ਇਜਾਜ਼ਤ ਨਹੀਂ ਸਖਤ ਧਰਾਵਾਂ ਯੂ ਏ ਪੀ ਏ ਤੇ ਐਨ ਐਸ ਏ ਹੁਣ ਤੱਕ ਸਿੱਖ ਨੌਜਵਾਨਾਂ ਦੀ ਜਵਾਨੀ ਗਾਲਣ ਲਈ ਹੀ ਵਰਤੀ ਗਈਆਂ ਕੋਰਟਾ ਵਿੱਚ ਹਕੂਮਤਾਂ ਕੋਲ ਅਜਿਹੇ ਕੇਸਾਂ ਚ ਕੱਢਣ ਪਾਉਣ ਨੂੰ ਕੁਝ ਨਹੀਂ ਹੁੰਦਾ ਇਸ ਤੋਂ ਵੱਡੀ ਤਾਨਾਸ਼ਾਹੀ ਹੋਰ ਕੀ ਹੋ ਸਕਦੀ ਹੈ ? ਲੋਕਾਂ ਵੱਲੋਂ ਭਾਰਤ ਦੀ ਸਭ ਤੋਂ ਵੱਡੀ ਪੰਚਾਇਤ ਦਾ ਹਿੱਸਾ ਬਣਾਏ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਸੌਂਹ ਚੁਕਾਉਣ ਲਈ ਜੇਲ ਤੋਂ ਬਾਹਰ ਸ਼ਰਤਾਂ ਤੇ ਲਿਆਂਦਾ ਗਿਆ ਹੈ। 4 ਲੱਖ 44 ਸੌ 30 ਵੋਟਰਾਂ ਦੀ ਨੁਮਾਇੰਦਗੀ ਕਰਨ ਵਾਲੇ ਮੈਂਬਰ ਪਾਰਲੀਮੈਂਟ ਨੂੰ ਆਪਣੇ ਲੋਕਾਂ ਨਾਲ ਮੁਖਾਤਿਬ ਹੋਣ ਦੀ ਇਜਾਜ਼ਤ ਨਹੀਂ। ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਆਪਣੇ ਵੋਟਰਾਂ ਦਾ ਸੋਸ਼ਲ ਮੀਡੀਆ ਪਲੇਟਫਾਰਮ, ਮੀਡੀਆ ਸਾਹਮਣੇ ਆ ਕੇ ਧੰਨਵਾਦ ਕਰਨ ਤੱਕ ਦੀ ਵੀ ਇਜਾਜ਼ਤ ਨਹੀਂ। ਇੱਥੇ ਗੱਲ ਇਹ ਵੀ ਦੱਸਣੀ ਬਣਦੀ ਹੈ ਕਿ ਇਸ ਵੇਲੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਲੋਕਾਂ ਦੀ ਨੁਮਾਇੰਦਗੀ ਕਰ ਰਹੇ ਹਨ। ਲੋਕਾਂ ਦੇ ਨੁਮਾਇੰਦੇ ਨਾਲ ਇਸ ਤਰ੍ਹਾਂ ਦਾ ਵਿਵਹਾਰ ਕਰਨਾ, ਇਹ ਕਿਹੜੇ ਲੋਕਤੰਤਰ ਦਾ ਹਿੱਸਾ ਹੈ ? ਸਿੱਖ ਨੌਜਵਾਨੀ ਨਾਲ ਇਸ ਤਰ੍ਹਾਂ ਪਹਿਲੀ ਵਾਰ ਨਹੀਂ ਹੋ ਰਿਹਾ ਇਸ ਤੋਂ ਪਹਿਲਾਂ ਵੀ ਜੱਗੀ ਜੋਹਲ ਵਰਗੇ ਨੌਜਵਾਨ ਵੀ ਇਸੇ ਪ੍ਰਕਾਰ ਦੇ ਹਕੂਮਤੀ ਤਸ਼ਦਤ ਦਾ ਸ਼ਿਕਾਰ ਹਨ। ਭਾਈ ਜਗਤਾਰ ਸਿੰਘ ਹਵਾਰਾ ਹੁਣ ਤੱਕ ਦੀਆਂ ਅਦਾਲਤੀ ਸੁਣਵਾਈਆਂ ਚ ਹੋਏ ਸਾਰੇ ਫੈਸਲਿਆਂ ਦੇ ਵਿੱਚ ਬਰੀ ਹੋ ਚੁੱਕੇ ਹਨ। ਉਸ ਦੇ ਬਾਵਜੂਦ ਵੀ ਉਹ ਜੇਲ ਵਿੱਚ ਹਨ। ਕੱਟੜ ਸਿੱਖ ਰਾਜਨੀਤੀ ਦਾ ਸਭ ਤੋਂ ਵੱਡਾ ਚਿਹਰਾ ਮੰਨੇ ਜਾਂਦੇ ਸਰਦਾਰ ਸਿਮਰਜੀਤ ਸਿੰਘ ਮਾਨ ਤੇ ਹਕੂਮਤ ਵੱਲੋਂ ਇਸੇ ਪ੍ਰਕਾਰ ਦੇ 74 ਕੇਸ ਪਾਏ ਗਏ ਸਨ। ਜਿਨਾਂ ਵਿੱਚੋਂ ਜਿਆਦਾਤਰ ਕੇਸਾਂ ਵਿੱਚੋਂ ਸਿਮਰਜੀਤ ਸਿੰਘ ਮਾਨ ਬਰੀ ਹੋ ਚੁੱਕੇ ਹਨ। ਸਿਰਫ ਬਰੀ ਨਹੀਂ ਹੋਏ ਉਹਨਾਂ ਕੋਲ ਸੁਪਰੀਮ ਕੋਰਟ ਦੀ ਉਹ ਜੱਜਮੈਂਟ ਵੀ ਹੈ ਜਿਸ ਦੇ ਮੁਤਾਬਕ ਖਾਲਿਸਤਾਨ ਜ਼ਿੰਦਾਬਾਦ ਕਹਿਣਾ ਜਾਂ ਖਾਲਿਸਤਾਨ ਦੀ ਮੰਗ ਕਰਨਾ ਕੋਈ ਕਾਨੂੰਨੀ ਗੁਨਾਹ ਨਹੀਂ ਹੈ। ਮੇਰੇ ਪਿਤਾ ਸਰਦਾਰ ਹਾਕਮ ਸਿੰਘ ਬਲ਼ਬੇੜ੍ਹਾ ਸਮੇਤ ਕੁੱਲ 52 ਸਿੰਘਾਂ ਨੂੰ, ਉਸ ਸਮੇਂ ਦੀ ਸਭ ਤੋਂ ਸਖਤ ਧਾਰਾ ਟਾਡਾ ਲਗਾ ਕੇ ਜੇਲ ਵਿੱਚ ਡੱਕਿਆ ਗਿਆ ਸੀ। ਜਿਸ ਵਿੱਚ ਮੇਰੇ ਪਿਤਾ ਸਮੇਤ ਕਿਸੇ ਵੀ ਸਿੰਘ ਨੂੰ ਕੋਈ ਵੀ ਸਜ਼ਾ ਨਹੀਂ ਹੋਈ ਕੁੱਲ ਸਾਰੇ ਸਿੰਘ ਕੋਰਟ ਵੱਲੋਂ ਬਰੀ ਕੀਤੇ ਗਏ ਸਨ। ਇਹਨਾਂ ਕੇਸਾਂ ਵਿੱਚ ਸਭ ਤੋਂ ਵੱਡੀ ਗੱਲ ਜਿਹੜੀ ਨਿਕਲ ਕੇ ਸਾਹਮਣੇ ਆਉਂਦੀ ਹੈ ਕਿ ਸਮੇਂ ਸਮੇਂ ਤੇ ਹਕੂਮਤਾਂ ਵੱਲੋਂ ਕਾਨੂੰਨ ਦੀ ਦੁਰਵਰਤੋਂ ਕਰਕੇ ਸਿੱਖ ਨੌਜਵਾਨੀ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ। ਜਾਣ ਬੁੱਝ ਕੇ ਹਕੂਮਤਾਂ ਵੱਲੋਂ ਅਜਿਹੇ ਸਿੰਘਾਂ ਦੀ ਕੋਰਟਾਂ ਵਿੱਚ ਸੁਣਵਾਈ ਲੰਬੀ ਕੀਤੀ ਜਾਂਦੀ ਹੈ। ਤਾਂ ਕਿ ਉਹ ਲੰਬੇ ਸਮੇਂ ਤੱਕ ਇਹਨਾਂ ਸਿੰਘਾਂ ਨੂੰ ਜੇਲਾਂ ਵਿੱਚ ਰੱਖ ਸਕਣ। ਕਿਉਂਕਿ ਹਕੂਮਤਾਂ ਇਹ ਭਲੀ ਭਾਤੀ ਜਾਣਦੀਆਂ ਹਨ ਜਦੋਂ ਸਿੰਘਾਂ ਦਾ ਕਸੂਰ ਹੀ ਕੋਈ ਨਹੀਂ ਤਾਂ ਕੋਰਟ ਵਿੱਚ ਕੀ ਸਾਬਤ ਕਰਨਗੇ ? ਕੁਝ ਅਜਿਹਾ ਹੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨਾਲ ਹੁੰਦਾ ਜਾਪ ਰਿਹਾ ਹੈ।

**-ਪਰਗਟ ਸਿੰਘ ਬਲਬੇੜ੍ਹਾ, 9022000070**

# ਜਨਮ ਦਿਨ ਮੁਬਾਰਕ







**ਹਰਕੀਰਤ ਸਿੰਘ**

ਪਿਤਾ : ਬਿਕਰਮਜੀਤ ਸਿੰਘ, ਪਿੰਡ ਟਕਾਪੁਰ, ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਸਾਹਿਬ

## ਪਾਕਿਸਤਾਨ ਵਿਚ ਹਿੰਦੂ ਪਰਿਵਾਰਾਂ ਨਾਲ ਹੋ ਰਹੀਆਂ ਵਧੀਕੀਆਂ ਦਾ ਫੈਡਰੇਸ਼ਨ ਮਹਿਤਾ ਨੇ ਲਿਆ ਗੰਭੀਰ ਨੋਟਿਸ

# ਪਾਕਿ ਸਰਕਾਰ ਨਾਲ ਇਸ ਮਸਲੇ ਤੇ ਭਾਰਤ ਸਰਕਾਰ ਕਰੇ ਗੱਲ : ਭਾਈ ਜਸਪਾਲ ਸਿੰਘ



**ਫ਼ਿਰੋਜ਼ਪੁਰ, 5 ਜੁਲਾਈ (ਮਨੋਹਰ ਲਾਲ) :—** ਪਾਕਿਸਤਾਨ ਵਿਚ ਹਿੰਦੂ ਪਰਿਵਾਰਾਂ ਦੀਆਂ ਲੜਕੀਆਂ ਦਾ ਜ਼ਬਰੀ ਧਰਮ ਪਰਿਵਾਰਕ, ਜਬਰ ਜਨਾਹ ਅਤੇ ਹੋ ਰਹੀਆਂ ਹੱਤਿਆਵਾਂ ਦਾ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਨੇ ਗੰਭੀਰ ਨੋਟਿਸ ਲਿਆ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਫੈਡਰੇਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ, ਕੌਮੀ ਸਕੱਤਰ ਜਰਨੈਲ ਸਿੰਘ ਗਾਬੜੀਆ ਤੇ ਸਾਥੀਆਂ ਨੇ ਕਿਹਾ ਕਿ ਅਜਿਹੇ ਅੱਤਿਆਚਾਰ, ਸਿੱਖ ਧਰ ਮਕਦੇ ਬਰਦਾਸ਼ਤ ਨਹੀਂ ਕਰੇਗਾ।ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਵੀ ਸਿੱਖ ਧਰਮ ਦੇ ਯੋਧੇ ਹਿੰਦੂਆਂ ਦੀਆਂ ਬਹੂ—ਬੇਟੀਆਂ ਨੂੰ ਜਰਵਾਨਿਆਂ ਹੱਥੋਂ ਛੁਡਵਾ ਕੇ ਉਨ੍ਹਾਂ ਦੇ ਘਰ ਸਹੀ ਸਲਾਮਤ ਛੱਡਦੇ ਆਉਂਦੇ ਰਹੇ ਹਨ ਅਤੇ ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਗੈਰ ਸਿੱਖ ਧਰਮ ਕੇਵਲ ਸਿੱਖਾਂ ਤੇ ਹੀ ਪੂਰਣ ਵਿਸਵਾਸ਼ ਕਰਦੇ ਸਨ ਅਤੇ ਲੋੜ ਪੈਣ ਤੇ ਸਿੱਖ ਧਰਮ ਦੇ ਯੋਧਿਆਂ ਨੂੰ ਹੀ ਮੱਦਦ ਲਈ ਅਪੀਲ ਕਰਦੇ ਸਨ ਤੇ ਸਿੱਖ ਧਰਮ ਦੇ ਯੋਧੇ ਉਨ੍ਹਾਂ ਦੀ ਇਸ ਅਪੀਲ ਸੁਣ ਕੇ ਗੈਰ ਸਿੱਖ ਧਰਮ ਦੀਆਂ ਬਹੂ ਬੇਟੀਆਂ ਨੂੰ ਜਰਵਾਇਆ ਹੱਥੋਂ ਛੁਡਵਾਉਂਦੇ ਸਨ, ਜ਼ੋ ਅੱਜ ਕੱਲ ਵੀ ਇਹੋ ਕੁਝ ਵਾਪਰ ਰਿਹਾ ਹੈ। ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਅੱਗੇ ਕਿਹਾ ਕਿ ਇਸ ਗੰਭੀਰ ਮਸਲੇ ਨੂੰ ਭਾਰਤ ਸਰਕਾਰ ਵੱਲੋਂ ਪਾਕਿਸਤਾਨ ਸਰਕਾਰ ਕੋਲ ਫੌਰੀ ਚੁੱਕਿਆ ਜਾਣਾ ਚਾਹੀਦਾ ਹੈ ਤਾਂ ਜ਼ੋ ਹਿੰਦੂ ਪੀੜਤ ਪਰਿਵਾਰ ਕੁਝ ਰਾਹਤ ਮਹਿਸੂਸ ਕਰ ਸਕਣ ਅਤੇ ਬੇਖੌਫ ਹੋ ਕੇ ਆਪਣੇ ਕੰਮ ਕਾਰ ਕਰ ਸਕਣ। ਇਸ ਸਮੇਂ ਉਕਤ ਆਗੂਆਂ ਦੇ ਨਾਲ ਡਾ: ਗੁਰਮੀਤ ਸਿੰਘ ਜ਼ਿਲ੍ਹਾ ਪ੍ਰਧਾਨ ਸ਼ਹਿਰੀ, ਕੁਲਦੀਪ ਸਿੰਘ ਨੰਢਾ ਸਰਕਲ ਪ੍ਰਧਾਨ ਸ਼ਹਿਰੀ, ਜ਼ਸਬੀਰ ਸਿੰਘ ਜੱਸ, ਹਰਜਿੰਦਰ ਸਿੰਘ ਬੱਗ, ਕੁਲਦੀਪ ਸਿੰਘ ਲੋਕੋ ਆਦਿ ਹਾਜ਼ਰ ਸਨ।

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗ੍ਰੰਥੀ ਨਿਯੁਕਤ ਹੋਏ ਗਿਆਨੀ ਪਰਵਿੰਦਰਪਾਲ ਸਿੰਘ ਦੀ ਚੁਫੇਰਿਓ ਪ੍ਰਸੰਸਾ ਤੇ ਵਧਾਈ



**ਫ਼ਿਰੋਜ਼ਪੁਰ, 5 ਜੁਲਾਈ (ਮਨੋਹਰ ਲਾਲ) :—** ਗੁਰੂ ਘਰ ਦੀ ਸੇਵਾ ਕਰਦੇ ਆ ਰਹੇ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਚ ਗ੍ਰੰਥੀ ਵਜੋਂ ਨਿਯੁਕਤ ਕੀਤਾ ਗਿਆ ਹੈ। ਇਸ ਸਬੰਧੀ ਵਿਚਾਰ ਸਾਂਝੇ ਕਰਦਿਆਂ ਭਾਈ ਰਣਜੀਤ ਸਿੰਘ ਲੰਗੇਆਣਾ ਅਤੇ ਬਾਬਾ ਸਾਧੂ ਸਿੰਘ ਜੀ ਨੇ ਕਿਹਾ ਕਿ ਗੁਰੂ ਘਰ ਦੇ ਪਿਆਰੇ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਬਤੌਰ ਗ੍ਰੰਥੀ (ਸਿੰਘ ਸਾਹਿਬ) ਨਿਯੁਕਤ ਹੋਣ ਤੇ ਅਸੀਂ ਵਧਾਈ ਦਿੰਦੇ ਹਾਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਸ ਨਿਰਣੇ ਦੀ ਸ਼ਲਾਘਾ ਕਰਦੇ ਹਾਂ।ਉਨ੍ਹਾਂ ਕਿਹਾ ਕਿ ਹਰ ਪੱਖੋਂ ਗੁਰੂ ਘਰ ਨਾਲ ਜੁੜੇ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗ੍ਰੰਥੀ ਬਨਣ ਦੀ ਚੁਫੇਰਿਓ ਪ੍ਰਸੰਸਾ ਹੋ ਰਹੀ ਹੈ ਅਤੇ ਸਿੰਘ ਸਾਹਿਬ ਨੂੰ ਚੁਫੇਰਿਓ ਵਧਾਈਆਂ ਮਿਲ ਰਹੀਆਂ ਹਨ।

# ਪੰਜਾਬ ਸਰਕਾਰ ਸੇਵਾ ਮੁਕਤ ਕਰਮਚਾਰੀਆਂ ਦੀਆਂ ਮੰਗਾਂ ਜਲਦ ਪੂਰੀਆਂ ਕਰੇ



**ਫ਼ਿਰੋਜ਼ਪੁਰ, 5 ਜੁਲਾਈ (ਮਨੋਹਰ ਲਾਲ) :—** ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਯੂਨਿਟ ਫਿਰੋਜ਼ਪੁਰ ਦੀ ਮੀਟਿੰਗ ਬਰਾਂਚ ਦੇ ਸੀਨੀਅਰ ਮੀਤ ਪ੍ਰਧਾਨ ਗੁਰਨਾਮ ਸਿੰਘ ਦੀ ਪ੍ਰਧਾਨਗੀ ਹੇਠ ਜਿਲਾ ਪ੍ਰਬੰਧਕੀ ਕੰਪਲੈਕਸ ਫਿਰੋਜਪੁਰ ਵਿਖੇ ਹੋਈ।ਇਸ ਮੀਟਿੰਗ ਵਿੱਚ ਵੱਖ—ਵੱਖ ਵਿਭਾਗਾਂ ਦੇ ਸੇਵਾ ਮੁਕਤ ਮੁਲਾਜ਼ਮ ਸ਼ਾਮਲ ਹੋਏ। ਰਿਟਾਇਰੀ ਮੁਲਾਜ਼ਮਾਂ ਦੀ ਹੋਈ ਮੀਟਿੰਗ ਦੀ ਜਾਣਕਾਰੀ ਦਿੰਦਿਆਂ ਬਰਾਂਚ ਜਨਰਲ ਸਕੱਤਰ ਕਿਸ਼ਨ ਚੰਦ ਜਾਗੋਵਾਲੀਆ ਨੇ ਦੱਸਿਆ ਕਿ ਸਰਕਾਰ ਸੇਵਾ ਮੁਕਤ ਮੁਲਾਜ਼ਮਾ ਦੀਆਂ ਮੰਗਾਂ ਮੰਨਣ ਤੋਂ ਇਨਕਾਰੀ ਹੋ ਗਈ, ਜਿਸ ਦੀ ਜਥੇਬੰਦੀ ਨੇ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ। ਆਗੂਆਂ ਨੇ ਪੰਜਾਬ ਸਰਕਾਰ ਤੋ ਮੰਗ ਕੀਤੀ ਕਿ ਛੇਵੇਂ ਤਨਖਾਹ ਕਮਿਸ਼ਨ ਦੁਆਰਾ ਸਿਫਾਰਸ਼ ਕੀਤਾ ਗਿਆ ਪੈਨਸ਼ਨ ਸੋਧ 2.59 ਦਾ ਫੈਕਟਰ ਅਤੇ ਪੈਨਸ਼ਨ ਸੋਧ ਦੀ ਨੈਸ਼ਨਲ ਵਿਧੀ ਲਾਗੂ ਕੀਤੀ ਜਾਵੇ ਅਤੇ ਤਨਖਾਹ ਕਮਿਸ਼ਨ ਦੇ 1—1—2016 ਤੋਂ 30—6—2021 ਤੱਕ ਦਾ ਬਕਾਇਆ ਤੇ ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਤਿੰਨ ਕਿਸਤਾਂ ਰਿਲੀਜ ਕਰਕੇ ਬਕਾਏ ਦਿੱਤੇ ਜਾਣ, ਕੈਸ਼ਲੈਸ਼ ਇਲਾਜ ਸਕੀਮ ਨੂੰ ਸੋਧ ਕੇ ਲਾਗੂ ਕੀਤਾ ਜਾਵੇ ਤੇ ਮੈਡੀਕਲ ਭੱਤੇ ਵਿਚ ਵਾਧਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਨਿਪਟਾਰਾ ਜਲਦ ਨਾ ਕੀਤਾ ਤਾਂ ਪੰਜਾਬ ਪੈਨਸ਼ਨਰਜ਼ ਕਨਫੈਡਰੇਸ਼ਨ ਵੱਲੋਂ ਉਲੀਕੇ ਹਰ ਐਕਸਨ ਵਿਚ ਫਿਰੋਜ਼ਪੁਰ ਤੋਂ ਵੱਡੀ ਗਿਣਤੀ ਵਿੱਚ ਪੈਨਸ਼ਨਰ ਸ਼ਾਮਿਲ ਹੋਣਗੇ। ਮੀਟਿੰਗ ਵਿੱਚ ਬਲਬੀਰ ਸਿੰਘ ਕੰਬੋਜ, ਤਰਸੇਮ ਬੇਦੀ, ਮਿਹਰ ਸਿੰਘ, ਪ੍ਰੇਮ ਕਾਮਰਾ, ਰਮੇਸ਼ ਕੁਮਾਰ, ਪਰਮਜੀਤ ਸਿੰਘ, ਕਸ਼ਮੀਰ ਸਿੰਘ, ਜਸਪਾਲ ਸਿੰਘ, ਸੁਖਦੇਵ ਸਿੰਘ, ਕਰਮ ਸਿੰਘ, ਪ੍ਰਮੋਦ ਗੋਗਾ, ਸੁਰਜੀਤ ਸਿੰਘ, ਮਹਿੰਦਰ ਸਿੰਘ, ਅਜੀਤ ਸਿੰਘ, ਡਮਰ ਬਹਾਦਰ, ਰਮੇਸ਼ ਕੁਮਾਰ ਭੱਟੀ, ਓਮ ਪ੍ਰਕਾਸ਼, ਲਾਜਵੰਤੀ, ਦਲਜੀਤ ਸਿੰਘ ਯਾਰੇਸ਼ਾਹ ਵਾਲਾ, ਬਲਵਿੰਦਰ ਸਿੰਘ ਗੋਗੀਆ ਆਦਿ ਹਾਜ਼ਰ ਸਨ, ਜਿਨ੍ਹਾਂ ਆਪੋ—ਆਪਣੇ ਵਿਚਾਰ ਸਾਂਝੇ ਕੀਤੇ।

# ਕੈਂਸਰ ਜਾਗਰੂਕਤਾ ਸੰਬਧੀ ਸਰਕਾਰੀ ਮੈਡੀਕਲ ਕਾਲਜ ਵਿਖੇ ਕਰਵਾਇਆ ਗਿਆ ਸਮਾਗਮ



**ਚੌਕ ਮਹਿਤਾ, 5 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਵਲੋਂ ਸਿਵਲ ਸਰਜਨ ਡਾ ਸੁਮੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕੈਂਸਰ ਜਾਗਰੂਕਤਾ ਮੁਹਿੰਮ ਸੰਬਧੀ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਵਿਖੇ ਟਾਟਾ ਹੋਮੀ ਭਾਭਾ ਕੈਂਸਰ ਹਸਪਤਾਲ ਸੰਗਰੂਰ ਤੇ ਮੁਲਾਂਪੁਰ, ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਅੰਮ੍ਰਿਤਸਰ, ਅਤੇ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਦੇ ਸਹਿਯੋਗ ਨਾਲ ਇੱਕ ਸਮਾਗਮ ਕਰਵਾਇਆ ਗਿਆ।ਇਸ ਸਮਾਗਮ ਦੌਰਾਨ ਸਿਵਲ ਸਰਜਨ ਡਾ ਸੁਮੀਤ ਸਿੰਘ ਨੇ ਕਿਹਾ ਕੈਂਸਰ ਦੀ ਜਲਦ ਪਹਿਚਾਣ ਹੀ ਉਸਦੇ ਇਲਾਜ ਵਿਚ ਮਦਦਗਾਰ ਸਾਬਿਤ ਹੁੰਦੀ ਹੈ, ਇਸ ਲਈ ਵਿਸਵ ਸਿਹਤ ਸੰਸਥਾ ਵਲੋਂ ਇਸ ਸਾਲ ਦਾ ਥੀਮ ਕਲੋਜ ਦਾ ਕੇਅਰ ਗੈਪ ਰਖਿਆ ਗਿਆ ਹੈ। ਉਹਨਾਂ ਆਖਿਆ ਕਿ ਇਸ ਮੁਹਿੰਮ ਦੌਰਾਣ ਜਿਲ੍ਹੇ ਭਰ ਵਿੱਚ ਵੱਖ-ਵੱਖ ਸਕੂਲਾਂ, ਕਾਲਜਾਂ, ਵਿਦਿਅਕ ਸੰਸਥਾਵਾਂ ਅਤੇ ਜਨਤਕ ਸੰਸਥਾਵਾਂ ਤੇ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਵਿਸ਼ੇਸ਼ ਕੈਂਪ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਕੈਂਸਰ ਦੇ ਆਮ ਲੱਛਣ ਛਾਤੀ ਵਿੱਚ ਗਿਲਟੀਆਂ, ਲਗਾਤਾਰ ਖਾਂਸੀ, ਮਹਾਂਵਾਰੀ ਵਿੱਚ ਜਿਆਦਾ ਖੂਨ ਆਉਣਾਂ, ਨਾਂ ਠੀਕ ਹੋਣ ਵਾਲੇ ਮੂੰਹ ਦੇ ਛਾਲੇ ਆਦਿ ਹਨ। ਇਸ ਲਈ ਸਾਨੂੰ ਸਮੇਂ-ਸਮੇਂ ਤੇ ਆਪਣੀ ਜਾਂਚ ਕਰਵਾਉਣੀ ਚਾਹੀਦੀ ਹੈ ਅਤੇ ਜੇਕਰ ਕੋਈ ਲੱਛਣ ਸਾਹਮਣੇ ਆਵੇ ਤਾਂ ਤੁਰੰਤ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ। ਇਸ ਅਵਸਰ ਤੇ ਪ੍ਰਿਸੀਪਲ ਜੀ.ਐਮ.ਸੀ. ਡਾ ਮ੍ਰਿਧੂ ਗਰੋਵਰ, ਐਸ.ਜੀ.ਆਰ.ਡੀ. ਦੇ ਵਾਈਸ ਚਾਸਲਰ ਮਨਜੀਤ ਸਿੰਘ ਉਪੱਲ, ਟਾਟਾ ਹਸਪਤਾਲ ਦੇ ਕੰਸਲਟੇਂਟ ਵੰਦਿੱਤਾ ਪਾਹਵਾ, ਡਾ ਹਰਜੋਤ ਸਿੰਘ, ਡਾ ਪ੍ਰੀਤੀ ਪੱਡਾ, ਡਾ ਪਰਮਜੋਤ, ਡਾ ਰਾਘਵ ਗੁਪਤਾ, ਡਾ ਸੁਨੀਤ ਅਤ ਸਮੂਹ ਸਟਾਫ ਹਾਜਰ ਸਨ।

# ਗੁਰਪ੍ਰਕਾਸ਼ ਹਸਪਤਾਲ ਮਹਿਤਾ ਚੌਂਕ ਵਿਖੇ ਲੱਗਾ ਅੱਖਾਂ ਅਤੇ ਹੱਡੀਆਂ ਦਾ ਫਰੀ ਚੈੱਕਅੱਪ ਕੈਂਪ



**ਚੌਕ ਮਹਿਤਾ, 5 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਚੌਂਕ ਮਹਿਤਾ ਜਲੰਧਰ ਰੋਡ ਨੇੜੇ ਸਿਵਲ ਹਸਪਤਾਲ ਸਹਾਮਣੇ ਸੰਤ ਕਲੋਨੀ ਖੁਲ੍ਹੇ ਨਵੇਂ ਹਸਪਤਾਲ ਗੁਰਪ੍ਰਕਾਸ਼ ਵਿਖੇ ਅੱਖਾਂ ਅਤੇ ਹੱਡੀਆਂ ਦਾ ਫਰੀ ਚੈੱਕਅੱਪ ਲਗਾਇਆ ਗਿਆ ਜਿਸ ਵਿੱਚ ਮਾਹਿਰ ਡਾਕਟਰਾਂ ਨੇ ਆਏ ਹੋਏ ਸੈਂਕੜੇ ਮਰੀਜਾ ਦਾ ਫਰੀ ਚੈਕਅੱਪ ਕੀਤਾ ਗਿਆ ਜਿਸ ਵਿੱਚ ਮਰੀਜਾ ਨੂੰ ਫਰੀ ਦਵਾਈਆਂ ਦਿੱਤੀਆਂ ਗਈਆਂ।ਇਸ ਮੌਕੇ ਡਾ. ਸਰਤਾਜ ਸਿੰਘ ਸੰਧੂ ਐਮ.ਐਸ ( ਸਰਜਰੀ ), ਡਾ. ਪੁਸ਼ਿਵੰਦਰ ਕੌਰ ਨੇ ਪ੍ਰੈਸ ਨਾਲ ਗੱਲਬਾਤ ਕਰਦਿਆ ਕਿਹਾ ਚੌਂਕ ਮਹਿਤਾ ਵਿਖੇ ਵੱਡੇ ਹਸਪਤਾਲ ਅਤੇ ਮਾਹਿਰ ਡਾਕਟਰਾ ਦੀ ਲੋੜ ਸੀ ਲੋਕ ਜੋ ਦੂਰੋ ਜਾ ਕੇ ਇਲਾਜ ਕਰਵਾਉਦੇਂ ਹਨ ਉਹਨਾਂ ਨੂੰ ਹੁਣ ਬਹਾਰ ਜਾਣ ਦੀ ਲੋੜ ਨਹੀ ਇਸੇ ਹਸਪਤਾਲ ਵਿੱਚ ਬਹੁਤ ਹੀ ਬਹੁਤ ਵਾਜਿਬ ਰੇਟ ਤੇ ਆਪਣਾ ਇਲਾਜ ਕਰਵਾ ਸਕਦੇ ਹਨ।ਇਸ ਮੌਕੇ ਡਾ. ਗੁਰਵਿੰਦਰ ਸਿੰਘ, ਡਾ. ਸਿਮਰਨਜੀਤ ਕੌਰ, ਇਕਬਾਲ ਸਿੰਘ, ਸ. ਮਨਦੀਪ ਸਿੰਘ ਸੋਨਾ ( ਸਰਪੰਚ ਖੱਬੇ-ਰਾਜਪੂਤਾਂ ), ਸਤਨਾਮ ਸਿੰਘ ਚੂੰਗ ਚੇਅਰਮੈਨ, ਤੇਜਿੰਦਰ ਸਿੰਘ ਲਾਡੀ ਧਾਰੀਵਾਲ, ਹਰਪ੍ਰੀਤ ਸਿੰਘ, ਅਮਨਦੀਪ ਕੌਰ,ਇੰਦਰਜੀਤ ਕੌਰ, ਮਾਨਵ ਪਾਠਕ, ਏ.ਐਸ.ਜੀ ਅੱਖਾਂ ਦੇ ਹਸਪਤਾਲ ਦੀ ਟੀਮ ਆਦਿ ਮੈਂਬਰ ਮੌਜੂਦ ਸਨ।

# ਚਾਚੇ ਤਾਇਆ ਦੇ ਮੁੰਡੇ ਸ਼ਰੀਕ ਨਹੀਂ, ਭਰਾ ਹੀ ਹੁੰਦੇ ਨੇ

ਪਿੰਡ ਬਲ਼ਬੇੜ੍ਹਾ ਦੇ ਜੱਦੀ ਚੌਹਾਨ (ਛੋਹਾਨ) ਗੋਤੀ ਖ਼ੂਨ ਦੇ ਰਿਸ਼ਤੇ ਚ ਸਕੇ ਭੈਣ ਭਰਾ ਪਿੰਡ ਬਲ਼ਬੇੜ੍ਹਾ ਦੇ ਬਜ਼ੁਰਗਾਂ ਦੀ ਜਾਣਕਾਰੀ ਦੇ ਮੁਤਾਬਕ ਪਿੰਡ ਵਿੱਚ ਵੱਸਦੇ ਚੌਹਾਨ (ਛੋਹਾਨ) ਗੋਤ ਦੇ ਸਾਰੇ ਵਸਨੀਕ ਆਪਸ ਦੇ ਵਿੱਚ ਸਕੇ ਭੈਣ ਭਰਾ ਹਨ । ਕਿਉਂਕਿ ਪਿੰਡ ਬਲ਼ਬੇੜ੍ਹਾ ਦੇ ਸਾਰੇ ਚੌਹਾਨ (ਛੋਹਾਨ) ਗੋਤੀ ਬਾਬਾ ਕਾਹਨ ਸਿੰਘ ਦੀ ਔਲਾਦ ਹਨ । ਜਦੋਂ ਸਾਰੇ ਖ਼ੂਨ ਦੇ ਰਿਸ਼ਤੇ ਵਿੱਚ ਭੈਣ ਭਰਾ ਹਨ । ਫੇਰ ਚਾਚੇ ਤਾਏ ਦੇ ਪੁੱਤਾਂ ਨੂੰ ਸ਼ਰੀਕ ਕਹਿਣਾ ਕਿੱਥੋਂ ਤੱਕ ਜਾਇਜ਼ ? ਇਹ ਤਾਂ ਗੱਲ ਹੋ ਗਈ ਖ਼ੂਨ ਦੇ ਰਿਸ਼ਤੇ ਵਿੱਚ ਪਿੰਡ ਬਲ਼ਬੇੜ੍ਹਾ ਦੇ ਇਤਿਹਾਸਿਕ ਤੱਥ ਦੀ । ਪਿੰਡ ਬਲ਼ਬੇੜ੍ਹਾ ਦੇ ਬਜ਼ੁਰਗ ਸਰਦਾਰ ਸੁਖਦੇਵ ਸਿੰਘ ਦੱਸਦੇ ਹਨ ਕਿ ਬਾਬਾ ਕਾਹਨ ਸਿੰਘ ਪਿੰਡ ਬਲ਼ਬੇੜ੍ਹਾ ਆਉਣ ਤੋਂ ਪਹਿਲ਼ਾਂ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਚੌਥੇ ਗੁਰੂ ਧੰਨ ਸ਼੍ਰੀ ਗੁਰੂ ਰਾਮਦਾਸ ਜੀ ਮਹਾਰਾਜ ਦੇ ਦਰਸ਼ਨ ਕਰਕੇ ਫਿਰ ਪਿੰਡ ਬਲ਼ਬੇੜ੍ਹਾ ਆਏ । ਇਸ ਗੱਲ ਤੋਂ ਇੰਨਾ ਕੁ ਅੰਦਾਜ਼ਾ ਲਗਾਇਆ ਜਾ ਸਕਦਾ ਕਿ ਪਿੰਡ ਬਲ਼ਬੇੜ੍ਹਾ ਸ੍ਰੀ ਗੁਰੂ ਰਾਮਦਾਸ ਜੀ ਦੇ ਸਮੇਂ ਦਾ ਵਸਿਆ ਹੋਇਆ ਹੈ । ਜਦੋਂ ਮੈਂ ਪਿੰਡ ਦੇ ਬਜ਼ੁਰਗ ਸਰਦਾਰ ਸੁਖਦੇਵ ਸਿੰਘ ਨੂੰ ਕੌੜਾ ਸ਼ਵਾਲ ਪੁੱਛਿਆ ਕਿ ਜੋ ਚੌਹਾਨ (ਛੋਹਾਨ) ਗੋਤ ਦੇ ਬੱਚੇ ਜੋ ਆਪਸ ਵਿੱਚ ਵਿਆਹ ਕਰਵਾ ਲੈਂਦੇ ਹਨ ਉਹ ? ਤਾਂ ਸਰਦਾਰ ਸੁਖਦੇਵ ਸਿੰਘ ਨੇ ਗੁੱਸੇ ਵਾਲੇ ਲਹਿਜ਼ੇ ਨਾਲ ਕਿਹਾ ਕਿ ਇਹ ਕਲਯੁਗ ਹੈ, ਉਹ ਬੱਚੇ ਖ਼ੂਨ ਦੇ ਰਿਸ਼ਤੇ ਵਿੱਚ ਸਕੇਂ ਭੈਣ ਭਰਾ ਹਨ ।

**-ਪਰਗਟ ਸਿੰਘ ਬਲਬੇੜ੍ਹਾ, 9022000070**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ

# ਮੱਸਿਆ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ



**ਫ਼ਿਰੋਜ਼ਪੁਰ, 5 ਜੁਲਾਈ (ਮਨੋਹਰ ਲਾਲ) :—** ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ ਮੱਸਿਆ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਜ਼ਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਡੇਰਾਂ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਹਰਭਜਨ ਸਿੰਘ, ਬਾਬਾ ਸਤਿਨਾਮ ਸਿੰਘ ਨੇ ਕਥਾ ਕਰਦਿਆਂ ਆਖਿਆ ਕਿ ਵਾਹਿਗੁਰੂ ਸਾਨੂੰ ਸਭ ਕੁਝ ਦਿੰਦਾ ਹੈ, ਜ਼ੋ ਅਸੀਂ ਮੰਗਦੇ ਹਾਂ, ਉਸ ਤੋਂ ਵੱਧ ਮਿਲਦਾ ਹੈ, ਪਰ ਸਾਨੂੰ ਉਨ੍ਹਾਂ ਤੇ ਭਰੋਸਾ ਰੱਖਣਾ ਚਾਹੀਦਾ ਹੈ, ਸਾਨੂੰ ਉਠਦੇ—ਬੈਠਦੇ ਹਮੇਸ਼ਾ ਵਾਹਿਗੁਰੂ ਜੀ ਦਾ ਜਾਪ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪਾਣੀ ਪੜਨ ਨਾਲ, ਬਾੜੀ ਸੁਨਣ ਨਾਲ ਤੁਹਾਡੇ ਸਾਰੇ ਦੁੱਖ ਦੂਰ ਹੁੰਦੇ ਹਨ। ਇਸ ਮੌਕੇ ਤੇ ਬਾਬਾ ਜੀ ਨੇ ਸੰਗਤਾਂ ਨੂੰ ਵਾਹਿਗੁਰੂ ਜੀ ਦਾ ਜਾਪ ਕਰਵਾਇਆ। ਬਾਬਾ ਜੀ ਨੇ ਅੱਗੇ ਕਿਹਾ ਕਿ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ ਸ੍ਰੀ ਗੁਰੂ ਅੰਗਦ ਦੇਵ ਜੀ ਗੁਰਮਤਿ ਵਿਦਿਆਲਾ ਚੱਲ ਰਿਹਾ ਹੈ, ਜਿਸ ਵਿਚ ਦਿਆਰਥੀਆਂ ਨੂੰ ਗੁਰਬਾਨੀ, ਕਥਾ ਕੀਰਤਨ ਅਤੇ ਸਕੂਲੀ ਸਿੱਖਿਆ ਦਿੱਤੀ ਜਾਂਦੀ ਹੈ, ਇਹ ਸਾਰਾ ਖਰਚਾ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਦਾ ਚੱਲ ਰਿਹਾ ਹੈ ਅਤੇ ਇਥੇ ਵਿਦਿਆਰਥੀ ਨੂੰ ਰਹਿਣ, ਖਾਣਾ ਵਸਤਰ ਆਦਿ ਦਿੱਤੇ ਜਾਂਦੇ ਹਨ। ਬਾਬਾ ਜੀ ਨੇ ਅੱਗੇ ਦੱਸਿਆ ਕਿ ਸੰਗਤਾਂ ਦੀ ਪੁਰਜ਼ੋਰ ਮੰਗ ਹੈ ਕਿ ਹਰ ਐਤਵਾਰ ਬਾਬਾ ਦੀਪ ਸਿੰਘ ਜੀ ਦੀ ਯਾਦ ਵਿਚ ਚੁਪਹਿਰੇ ਦਾ ਪਾਠ ਕਰਨਾ ਚਾਹੀਦਾ ਹੈ, ਹਰ ਐਤਵਾਰ 12 ਵਜੇ ਤੋਂ 4 ਵਜੇ ਤੱਕ ਕੀਤਾ ਜਾਵੇਗਾ ।ਬਾਬਾ ਜੀ ਨੇ ਅੱਗੇ ਦੱਸਿਆ ਕਿ ਚੁਪਹਿਰੇ ਦਾ ਪਾਠ ਕਰਨ ਨਾਲ ਸਰੀਰ ਦੇ ਸਾਰੇ ਰੋਗ ਦੂਰ ਹੁੰਦੇ ਹਨ ਅਤੇ ਮਨੋਕਾਮਨਾ ਪੂਰੀ ਹੁੰਦੀ ਹੈ। ਇਸ ਮੌਕੇ ਤੇ ਹੋਮਿਓਪੈਥਿਕ ਕੈਂਪ ਲਾਇਆ ਗਿਆ, ਜਿਸ ਵਿਚ ਪ੍ਰੋਫੈਸਰ ਡਾ: ਜਗਜੀਤ ਸਿੰਘ, ਪ੍ਰੋਫੈਸਰ ਡਾ: ਹਰਪ੍ਰੀਤ ਸਿੰਘ, ਡਾ: ਸਿਮਰਤ ਕੌਰ ਨੇ ਮਰੀਜਾਂ ਨੂੰ ਚੈਕਅਪ ਕਰਕੇ ਦਵਾਈਆਂ ਮੁਹਇਆ ਕਰਵਾਈਆਂ। ਇਸ ਮੌਕੇ ਤੇ ਗੁਰੂ ਕਾ ਲੰਗਰ, ਖੀਰ ਦਾ ਲੰਗਰ ਅਤੇ ਚਾਹ ਆਦਿ ਦਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਤੇ ਭਾਈ ਗੁਰਮੁੱਖ ਸਿੰਘ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ।

### ਨੌਜਵਾਨੀ ਨੂੰ ਨਸ਼ੇ ਦੀ ਦਲ-ਦਲ 'ਚੋਂ ਬਾਹਰ ਕੱਢਣ ਲਈ ਵੱਡੇ ਉਪਰਾਲੇ ਕੀਤੇ ਜਾਣ : ਜਸਵੰਤ ਸਿੰਘ ਹਰਪੁਰਾ

# ਟਰੈਵਲ ਏਜੰਟਾਂ ਦੇ ਧੋਖੇ ਚ ਆਏ ਨੌਜਵਾਨਾਂ ਨੂੰ ਬਚਾਉਣ ਦਾ ਰਾਮੂਵਾਲੀਆ ਦਾ ਵੱਡਾ ਹੱਥ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਵਿਚ ਨੌਜਵਾਨੀ ਦਾ ਨਸੇ ਨੇ ਬੜੇ ਵੱਡੇ ਪੱਧਰ ਤੇ ਘਾਣ ਕੀਤਾ ਹੈ, ਨਸ਼ਾ ਨੇ ਅੱਜ ਪੰਜਾਬ ਦਾ ਭਵਿੱਖ ਵੀ ਧੁੰਦਲਾ ਕਰ ਦਿੱਤਾ ਹੈ। ਨਸੇ ਨੇ ਪੰਜਾਬ ਦੇ ਕਈ ਘਰ ਤਬਾਹ ਕਰ ਦਿੱਤੇ ਹਨ ਅਤੇ ਕਈ ਘਰਾਂ ਦੀ ਕੁੱਲ੍ਹਾਂ ਉਜਾੜਕੇ ਰੱਖ ਦਿੱਤੀਆ ਹਨ। ਪੰਜਾਬ ਦੀ ਭਲਾਈ ਤੇ ਨੌਜਵਾਨੀ ਦੇ ਸਲਾਮਤੀ ਲਈ ਨੌਜਵਾਨਾਂ ਨੂੰ ਨਸ਼ੇ ਦੀ ਦਲ ਦਲ ਚੋਂ ਬਾਹਰ ਕੱਢਣਾ ਪਵੇਗਾ ਅਤੇ ਨੌਜਵਾਨਾਂ ਨੂੰ ਨਸ਼ੇ ਦੀ ਦਲ-ਦਲ ਚੋਂ ਬਾਹਰ ਕੱਢਣ ਲਈ ਪਿੰਡਾਂ-ਸ਼ਹਿਰਾਂ ਵਿਚ ਵੱਧ ਤੋਂ ਵੱਧ ਖੇਡ ਉਪਰਾਲੇ ਕਰਵਾਏ ਜਾਣ ਤਾਂ ਜੋ ਨੌਜਵਾਨਾਂ ਦੀ ਖੇਡਾਂ ਵੱਲ ਰੁੱਚੀ ਵੱਧ ਅਤੇ ਮਾੜੀ ਸੰਗਤ ਦੇ ਬਿਕਾਰ ਨਾ ਹੋਣ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਸ, ਜਸਵੰਤ ਸਿੰਘ ਹਰਪੁਰਾ ਯੂਐਸਏ ਨੇ ਕੀਤਾ। ਉਨ੍ਹਾਂ ਕਿਹਾ ਕਿ ਨਸ਼ੇ ਦੇ ਨਸਿਆਂ ਵਰਗੀ ਭਿਆਨਕ ਬਿਮਾਰੀ ਨੂੰ ਜੜ੍ਹ ਤੋਂ ਉਖਾੜਕੇ ਪੰਜਾਬ ਚ ਖੁਸ਼ਹਾਲੀ ਆਏਗੀ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿੱਚ ਭਾਰਤ ਦੇ ਸਾਬਕਾ ਕੇਂਦਰੀ ਮੰਤਰੀ ਸ, ਬਲਵੰਤ ਸਿੰਘ ਰਾਮੂਵਾਲੀਆ ਨੇ ਠੱਗ ਟਰੈਵਲ ਏਜੈਟਾਂ ਰਾਹੀਂ ਫਸੀ ਪੰਜਾਬ ਦੀ ਨੌਜਵਾਨੀ ਨੂੰ ਉਹਨਾਂ ਦੇ ਮਾਂ ਪਿਓ ਨੂੰ ਮਿਲਾ ਕੇ ਬਹੁਤ ਵੱਡਾ ਕਾਰਜ ਕੀਤਾ ਹੈ। ਜਿਸ ਵਿੱਚੋਂ ਉਨਾਂ ਨੂੰ ਐਨਆਰਆਈ ਭਰਾਵਾਂ ਵੱਲੋਂ ਅਤੇ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਵੱਲੋਂ ਵੀ ਬਹੁਤ ਸਹਿਯੋਗ ਰਿਹਾ ਹੈ ।ਉਹਨਾਂ ਆਸ ਪ੍ਰਗਟ ਕੀਤੀ ਕਿ ਜੇਕਰ ਪੰਜਾਬ ਦੀ ਕਮਾਂਡ ਰਾਮੂਵਾਲੀਆ ਸਾਬ ਦੇ ਹੱਥ ਚ ਹੁੰਦੀ ਤਾਂ ਅੱਜ ਪੰਜਾਬ ਇਸ ਵਕਤ ਨਸ਼ੇ ਦੀ ਦਲਦ ਵਿੱਚ ਨਾ ਤਸਿਆ ਹੁੰਦਾ ਕਿਉਂਕਿ ਉਹਨਾਂ ਨੇਕੰਮ ਕਰਨ ਦਾ ਤਰੀਕਾ ਬਹੁਤ ਹੀ ਵੱਖਰਾ ਹੈ।

### ਜੰਡਿਆਲਾ ਪੁਲਿਸ ਨੇ ਤਿੰਨ ਵਿਅਕਤੀਆਂ ਨੂੰ ਹੈਰੋਇਨ ਅਤੇ ਇਲੈਕਟ੍ਰਾਨਿਕ ਕੰਢੇ ਸਮੇਤ ਕੀਤਾ ਕਾਬੂ

# ਸਮਾਜ਼ ਵਿਰੋਧੀ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ : ਮੁਖਤਿਆਰ ਸਿੰਘ

**ਜੰਡਿਆਲਾ ਗੁਰੂ, 5 ਜੁਲਾਈ ( ਕੁਲਵੰਤ, ਸਿੰਘ ਵਿਰਦੀ )**-ਪੰਜਾਬ ਵਿੱਚੋਂ ਨਸ਼ਾ ਦਾ ਲੱਕ ਤੋੜਣ ਲਈ ਵਿੱਢੀ ਗਈ ਮੁਹਿੰਮ ਦੇ ਤਹਿਤ ਸ੍ਰੀ ਸਤਿੰਦਰ ਸਿੰਘ ਐਸ ਐਸ ਪੀ ਅੰਮ੍ਰਿਤਸਰ ਦਿਹਾਤੀ ਅਤੇ ਮਾਨਯੋਗ DSP ਸਾਹਬ ਜੰਡਿਆਲਾ ਸ੍ਰੀ ਰਵਿੰਦਰ ਸਿੰਘ ਪੀ.ਪੀ.ਐਸ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਨਸ਼ੇ ਦੇ ਕਾਰੋਬਾਰ ਕਰਨ ਵਾਲੇ ਤਸਕਰਾ ਅਤੇ ਨਜਾਇਜ਼ ਅਸਲੇ ਨਾਲ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਗੈਂਗਸਟਰਾਂ ਤੇ ਕਾਬੂ ਪਾਉਣ ਲਈ ਵਿਸ਼ੇਸ਼ ਹਦਾਇਤਾਂ ਅਨੁਸਾਰ ਮੁੱਖ ਅਫਸਰ ਥਾਣਾ ਜੰਡਿਆਲਾ ਗੁਰੂ ਦੇ ਐਸ ਐਚ ਓ ਮੁੱਖਤਿਆਰ ਸਿੰਘ ਵੱਲੋਂ ਪੁਲਿਸ ਪਾਰਟੀ ਸਮੇਤ ਸੋਰਸ ਲਗਾ ਕੇ ਨਸ਼ੇ ਦੇ ਕਾਰੋਬਾਰ ਜਾ ਸੇਵਨ ਕਰਨ ਵਾਲੇ ਵਿਅਕਤੀਆ ਉਪਰ ਰੇਡ ਕੀਤੇ ਜਾ ਰਹੇ ਹਨ ਜਿਸ ਦੇ ਚੱਲਦਿਆਂ ਮਿਤੀ 4-7-2024 ਨੂੰ ਸੋਰਸ ਲਗਾ ਕੇ ਪੁਲਿਸ ਪਾਰਟੀ ਬਣਾ ਕੇ ਖਾਸ ਮੁਹਿੰਮ ਤਹਿਤ ਨਸ਼ਾ ਕਰਨ ਵਾਲੇ ਵਿਅਕਤੀਆ ਕੋਲੋਂ ਨਸ਼ਾ ਬ੍ਰਾਮਦ ਕਰਕੇ ਦੋਸ਼ੀਆਂ ਨੂੰ ਕਾਬੂ ਕੀਤਾ ਗਿਆ ਹੈ ਜਿਸ ਵਿਚ ਪੁਲਿਸ ਪਾਰਟੀ ਟੀ-ਪੁਆਇੰਟ ਦਾਣਾ ਮੰਡੀ ਜੰਡਿਆਲਾ ਮੌਜੂਦ ਸੀ ਕਿ ਦਾਣਾ ਮੰਡੀ ਗਹਿਰੀ ਜੰਡਿਆਲਾ ਦੇ ਬਾਹਰ ਬਣੀ ਦੁਕਾਨ ਦੇ ਬਾਹਰ ਤਿੰਨ ਨੌਜਵਾਨ ਜਿਸ ਵਿੱਚ ਸੰਨੀ ਪੁੱਤਰ ਕੁਲਵੰਤ ਸਿੰਘ ਵਾਸੀ ਗਹਿਰੀ ਮੰਡੀ, ਅਮਿਤ ਕੁਮਾਰ ਪੁੱਤਰ ਜਸਵੰਤ ਸਿੰਘ ਵਾਸੀ ਵਾਰਡ ਨੰਬਰ 11 ਨਵੀ ਅਬਾਦੀ ਜੰਡਿਆਲਾ ਗੁਰੁ ਅਤੇ ਰਾਜ ਕੁਮਾਰ ਪੁੱਤਰ ਮੁਖਤਾਰ ਸਿੰਘ ਵਾਸੀ ਵਾਰਡ ਨੰਬਰ 11 ਨਵੀ ਅਬਾਦੀ ਜੰਡਿਆਲਾ ਗੁਰੂ ਨੂੰ ਸ਼ੱਕੀ ਹਾਲਤ ਵਿੱਚ ਬੈਠੇ ਦਿਖਾਈ ਦਿੱਤੇ ।ਜਦੋਂ ਉਨ੍ਹਾਂ ਦਾ ਧਿਆਨ ਪੁਲਿਸ ਪਾਰਟੀ ਵੱਲ ਪਿਆ ਤਾਂ ਪੁਲਿਸ ਪਾਰਟੀ ਨੂੰ ਵੇਖ ਭੱਜਣ ਲੱਗੇ ਤਾਂ ਉਸੇ ਵਕਤ ਇਨ੍ਹਾਂ ਨੂੰ ਕਾਬੂ ਕੀਤਾ ਗਿਆ ਤਾਂ ਇਨ੍ਹਾਂ ਪਾਸੋ 20 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ ਅਤੇ ਨਾਲ ਹੀ ਇਨ੍ਹਾਂ ਪਾਸੋਂ ਇਲੈਕਟ੍ਰੋਨਿਕ ਕੰਡਾ ਵੀ ਬ੍ਰਾਮਦ ਕੀਤਾ ਗਿਆ ਜਿਸ ਦੇ ਚੱਲਦਿਆਂ ਇਨ੍ਹਾਂ ਉੱਪਰ ਮੁਕੱਦਮਾ ਨੰਬਰ 169 ਮਿਤੀ 4-7-2024 ਜੁਰਮ 21-29-61-85 ਐਨ ਡੀ ਪੀ ਐਸ ਐਕਟ ਦਰਜ ਰਜਿਸਟਰ ਕੀਤਾ ਗਿਆ ਹੈ। ਇਨ੍ਹਾਂ ਦੋਸੀਆ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਗਿਆ ਹੈ ਅਤੇ ਇਨ੍ਹਾਂ ਕੋਲੋਂ ਪੁਛਗਿੱਛ ਕੀਤੀ ਜਾ ਰਹੀ ਹੈ। ਜੇਕਰ ਕੋਈ ਵੀ ਹੋਰ ਗੱਲ ਸਾਹਮਣੇ ਆਉਦੀ ਹੈ ਤਾ ਇਨ੍ਹਾਂ ਉੱਪਰ ਬਣਦੀ ਕਾਰਵਾਈ ਅਮਲ ਵਿੱਚ ਲਿਆਦੀ ਜਾਵੇਗੀ ।ਅੱਗੇ ਐਸ ਐਚ ਓ ਮੁਖਤਿਆਰ ਸਿੰਘ ਜੀ ਨੇ ਭੈੜੇ ਅਨਸਰਾਂ ਨੂੰ ਚੇਤਾਵਨੀ ਦਿੰਦਿਆਂ ਹੋਇਆਂ ਕਿਹਾ ਕਿ ਪੁਲਿਸ ਵੱਲੋਂ ਕਿਸੇ ਤਰ੍ਹਾਂ ਦੀ ਰਹਿਮ ਅਪੀਲ ਪ੍ਰਵਾਨ ਨਹੀਂ ਕੀਤੀ ਜਾਵੇਗੀ ਜੋ ਵੀ ਵਿਅਕਤੀ ਸਮਾਜ ਵਿਰੋਧੀ ਗਤੀਵਿਧੀਆਂ ਤਹਿਤ ਪਕੜ ਵਿੱਚ ਆ ਗਿਆ ਉਸ ਉਪਰ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।



# ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਚ ਵੱਖ ਵੱਖ ਪਿੰਡਾਂ ਵਿੱਚ ਬਿਮਾਰੀਆਂ ਦੇ ਚਿੰਨ੍ਹ ਅਤੇ ਲੱਛਣਾਂ ਬਾਰੇ ਜਾਣਕਾਰੀ ਦਿੱਤੀ



**ਧੂਰੀ, (ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਡਾਕਟਰ ਕਿਰਪਾਲ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਅਤੇ ਐਸ ਐਮ ਓ ਡਾਕਟਰ ਮਹੁੰਮਦ ਅਖ਼ਤਰ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਅਧੀਨ ਆਉਦੇ ਪਿੰਡ ਬਾਲੀਆਂ,ਕਿਲਾਂ ਹਕੀਮਾਂ, ਬੇਨੜਾ,ਕਾਂਝਲਾ ,ਲੱਡਾਂ ਵਿਖੇ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ ਜਿਸ ਦੌਰਾਨ ਘਰ ਘਰ ਜਾ ਕੇ ਡੈਂਗੂ,ਮਲੇਰੀਆ, ਚਿਕਨਗੁਨੀਆ ਅਤੇ ਮੌਸਮੀ ਬਿਮਾਰੀਆਂ ਦੇ ਚਿੰਨ੍ਹ ਅਤੇ ਲੱਛਣਾਂ ਬਾਰੇ ਜਾਣਕਾਰੀ ਦਿੱਤੀ ਗਈ ਤੇ ਦੱਸਿਆ ਗਿਆ ਕੇ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਜੋ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਤਾਂ ਜੋ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹ ਬਰਤਨਾਂ ਵਿਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ।ਬਰਤਨਾ ਨੂੰ ਪੂਰੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ।ਇਸ ਮੌਕੇ ਸਾਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਂਗੂ ਦ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ। ਟੀਮ ਮੈਂਬਰ ਗੁਰਵਿੰਦਰ ਸਿੰਘ, ਹਰਜੀਤ ਸਿੰਘ, ਅਮਰੀਕ ਸਿੰਘ ਸਿੱਧੂ , ਜਸਵਿੰਦਰ ਸਿੰਘ ਸੰਧੂ , ਗੁਰਪ੍ਰੀਤ ਸਿੰਘ ਮ,ਪ,ਹ,ਵ (ਮ) ਹਾਜਰ ਸਨ।

# ਰਾਹੁਲ ਗਾਂਧੀ ਵੱਲੋਂ ਹਿੰਦੂ ਭਾਈਚਾਰੇ ਨੂੰ ਹਿੰਸਕ ਕਹਿਣਾ ਅਤਿ ਨਿੰਦਨਯੋਗ : ਕਾਂਝਲਾ, ਜੱਗਾ ਜਿੰਦਲ, ਨੀਲੂ ਮਿੱਤਲ



ਧੂਰੀ ( ਰਣਜੀਤ ਸਿੰਘ ਪੇਧਨੀ ) ਪਾਰਲੀਮੈਂਟ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵੱਲੋਂ ਸਮੁੱਚੇ ਹਿੰਦੂ ਭਾਈਚਾਰੇ ਨੂੰ ਹਿੰਸਕ ਕਹਿਣਾ ਬਹੁਤ ਹੀ ਨਿੰਦਨਯੋਗ ਹੈ। ਹਿੰਦੂ ਭਾਈਚਾਰੇ ਵੱਲੋਂ ਇਸ ਨੂੰ ਬਰਦਾਸਤ ਨਹੀਂ ਕੀਤਾ ਜਾਵੇਗਾ ਰਾਹੁਲ ਗਾਂਧੀ ਵਾਰ -ਵਾਰ ਹਿੰਦੂ ਧਰਮ ਤੇ ਅਪਮਾਨ ਕਰਦੇ ਰਹਿੰਦੇ ਹਨ । ਕਿੰਨੀ ਸ਼ਰਮ ਦੀ ਗੱਲ ਹੈ ਕਿ ਵਿਰੋਧੀ ਧਿਰ ਵਿੱਚ ਬੈਠੇ ਰਾਹੁਲ ਗਾਂਧੀ ਹਿੰਦੂ ਭਾਈਚਾਰੇ ਦੀਆਂ ਵੋਟਾਂ ਨਾਲ ਹੀ ਲੋਕ ਸਭਾ ਮੈਂਬਰ ਚੁਣੇ ਗਏ ਹਨ ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਬਲਾਕ ਪ੍ਰਧਾਨ ਬਸੰਤ ਕੁਮਾਰ ਕਾਂਝਲਾ, ਬੀਜੇਪੀ ਦੇ ਸੀਨੀਅਰ ਆਗੂ ਜਗਦੇਵ ਜਿੰਦਲ ਜੱਗਾ, ਬੀਜੇਪੀ ਦੇ ਜਿਲ੍ਹਾ ਆਗੂ ਕ੍ਰਿਸਨ ਗੋਪਾਲ ਨੀਲੂ ਮਿੱਤਲ ਨੇ ਕੀਤਾ। ਆਗੂਆਂ ਨੇ ਕਿਹਾ ਕਿ ਰਾਹੁਲ ਗਾਂਧੀ ਵੱਲੋਂ ਕੀਤੀ ਗਈ ਬੇਤੁਕੀ ਟਿੱਪਣੀ ਕਰਕੇ ਕਾਂਗਰਸ ਦੇਸ਼ ਵਿੱਚ ਆਪਣਾ ਅਕਸ ਗੁਆ ਚੁੱਕੀ ਹੈ। ਉਨ੍ਹਾਂ ਨੇ ਕਿਹਾ ਕਿ ਜਿਸ ਰਾਜਾ ਚ ਕਾਂਗਰਸ ਦੀ ਸਰਕਾਰ ਦੇ ਆਉਣ ਵਾਲੇ ਸਮੇਂ ਵਿੱਚ ਉਨ੍ਹਾਂ ਰਾਜਾ ਵਿੱਚ ਕਾਂਗਰਸ ਪਾਰਟੀ ਖਤਮ ਹੋ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਰਾਹੁਲ ਗਾਂਧੀ ਦੇ ਵਿਰੋਧੀ ਧਰ ਦੇ ਸੰਸਦ ਮੈਂਬਰ ਇਸ ਤਰ੍ਹਾਂ ਟਿੱਪਣੀ ਕਰਕੇ ਪਾਕਿਸਤਾਨ ਅਤੇ ਦੇਸ਼ ਦੀ ਵਿਰੋਧੀ ਤਾਕਤਾਂ ਨੂੰ ਖੁਸ਼ ਕਰਨ ਲਈ ਵਾਰ-ਵਾਰ ਇਸ ਤਰ੍ਹਾਂ ਦੀ ਬਿਆਨਬਾਜ਼ੀ ਕਰ ਰਹੇ ਹਨ।

# ਜਲੰਧਰ ਪੱਛਮੀ ਤੋਂ ਮਹਿੰਦਰ ਭਗਤ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਨਗੇ: ਠੇਕੇਦਾਰ ਕਾਂਝਲਾ



ਧੂਰੀ ( ਰਣਜੀਤ ਸਿੰਘ ਪੇਧਨੀ ) ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕੀਤੇ ਜਾ ਰਹੇ ਵਿਸ਼ੇਸ਼ ਕੰਮਾਂ ਨੂੰ ਵੇਖਦਿਆਂ ਹੋਇਆਂ ਜਲੰਧਰ ਪੱਛਮੀ ਦੇ ਲੋਕ ਇਸ ਵਾਰੀ ਫੇਰ ਆਮ ਆਦਮੀ ਪਾਰਟੀ ਦੇ ਉਮੀਦਵਾਰ ਮਹਿੰਦਰ ਭਗਤ ਨੂੰ ਵੱਡੇ ਮਾਰਜਨ ਨਾਲ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਣਗੇ ਅਤੇ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਹੱਥ ਮਜਬੂਤ ਕਰਨਗੇ । ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਨੇ ਕੀਤਾ। ਉਨਾ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਹੁਣ ਮਨ ਬਣਾ ਲਿਆ ਹੈ ਕਿ ਉਹ ਪਿਛਲੇ 70 ਸਾਲਾਂ ਤੋਂ ਰਾਜ ਕਰਦੀਆਂ ਆ ਰਹੀਆਂ ਕਾਂਗਰਸ ਅਤੇ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰਾਂ ਨੂੰ ਮੂੰਹ ਨਹੀਂ ਲਾਉਣਗੇ। ਉਹਨਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਪਹਿਲੀ ਸਰਕਾਰ ਹੈ ਜਿਨਾਂ ਨੇ ਚੋਣਾਂ ਦੌਰਾਨ ਕੀਤੇ ਵਾਅਦਿਆਂ ਨੂੰ ਸਭ ਤੋਂ ਪਹਿਲਾ ਹੀ ਪੂਰਾ ਕਰਕੇ ਕਿਸਾਨਾਂ ਨੂੰ ਬਿਜਲੀ, ਨਹਿਰੀ ਪਾਣੀ, ਨੌਜਵਾਨਾਂ ਨੂੰ ਨੌਕਰੀਆਂ, ਮੁਹੱਲਾ ਕਲੀਨਕ ਬਣਾ ਕੇ ਪੰਜਾਬ ਦੇ ਵਾਸੀਆਂ ਨੂੰ ਸੁੱਖ ਸਹੂਲਤਾਂ ਨਾਲ ਮਾਲਾ ਮਾਲ ਕੀਤਾ ਹੈ।


Nankana Sahib Yatra Committe Uk
pakistan gurdwara yatra
6th november to 16th november 2024
yatra includes 25+ gurudwara sahib
darshan .Accommodation in hotels
and travel within pakistan and yatra
start to finish point in AC coaches
ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ
ਸਾਹਿਬ ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

# ਗਿਆਨੀ ਪਰਵਿੰਦਰਪਾਲ ਸਿੰਘ ਬੁਟੱਰ ਅਤੇ ਗਿਆਨੀ ਕੇਵਲ ਸਿੰਘ ਬਹਿਣੀਵਾਲ( ਪੰਜ ਪਿਆਰੇ ਤਖ਼ਤ ਸ੍ਰੀ ਦਮਦਮਾ ਸਾਹਿਬ) ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਸਾਹਿਬ ਵਿਖੇ ਗ੍ਰੰਥੀ ਥਾਪੇ ਗਏ ਹਨ। ਸਿੰਘ ਸਾਹਿਬ ਵਜੋ ਜਲਦ ਹੀ ਸੇਵਾ ਸੰਭਾਲੀ ਜਾਵੇਗੀ।





ਬੇ-ਘਰੇ ਹੋਣ ਦੇ ਅਹਿਸਾਸ ਦੀ ਲੰਮੀ ਦਾਸਤਾਂ

# ਭਾਈ ਗਜਿੰਦਰ ਸਿੰਘ ਰਹਿੰਦੀ ਦੁਨੀਆਂ ਤੱਕ ਯਾਦ ਕੀਤੇ ਜਾਣਗੇ





ਜਾ ਕੇ ਤੱਕ ਪ੍ਰਦੇਸੀਆ ਉਨਾਂ ਵਣਾਂ ਦੇ ਪਾਰ ।
ਦੇਖ ਜਿੰਨਾ ਦੇ ਝੁਕੇ ਨਹੀ ਸੀਸ ਪਰਾਏ ਬਾਰ ।

ਬੇ-ਘਰੇ ਹੋਣ ਦੇ ਅਹਿਸਾਸ ਦੀ ਲੰਮੀ ਦਾਸਤਾਂ ਸਰਦਾਰ ਗਜਿੰਦਰ ਸਿੰਘ ਜਿੰਦਗੀ ਜਲਾਵਤਨੀ ਦੀ ਸਜ਼ਾ ਕੱਟਦਿਆਂ। ਸ੍ਰੀ ਗੁਰੂ ਨਾਨਕ ਦੇਵ ਪਾਤਸ਼ਾਹ ਜੀ ਦੀ ਜਨਮ ਭੋਂਇ ਲਹਿੰਦੇ ਪੰਜਾਬ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੇ ਸ਼ਾਹੀ ਸ਼ਹਿਰ ਲਾਹੌਰ ਸਥਿਤ ਅਕਾਲ ਚਲਾਣਾ ਕਰ ਗਏ ਹਨ ।

ਇਕ ਲੰਮੇ ਸੰਘਰਸ਼ਮਈ ਜੀਵਨ ਦੀ ਗਾਥਾ ਛੱਡ ਸਦਾ ਲਈ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਕਹਿਣ ਵਾਲੇ ਸਰਦਾਰ ਸਾਹਿਬ ਜਿੰਨਾ ਨੂੰ ਪੰਥ ਖਾਤਰ ਘਰੋਂ ਨਿਕਲਿਆਂ ਜਲਾਵਤਨ ਦੀ ਸਜ਼ਾ ਭੋਗਦਿਆਂ ਅੱਧੀ ਸਦੀ ਬੀਤ ਚੁੱਕੀ ਹੈ ਪਰ ਧੰਨ ਸਿਦਕ ਕਿਸੇ ਨੂੰ ਉਲ੍ਹਾਮਾ ਨਹੀ ।



ਸ਼ਮਸ਼ੇਰ ਸਿੰਘ ਜੇਠੂਵਾਲ

ਵਿਆਹ ਤੋਂ ਮਹਿਜ ਡੇਢ ਸਾਲ ਬਾਅਦ ਸੰਨ੍ਹ 1981 ਚ ਜਦੋਂ ਘਰੋਂ ਨਿਕਲੇ ਤਾਂ ਪਿੱਛੇ ਬੀਬੀ ਮਨਜੀਤ ਕੌਰ ਤੇ ਪੰਜ ਮਹੀਨਿਆਂ ਦੀ ਬੱਚੀ ਬਿਕਰਮਜੀਤ ਕੌਰ ਸੀ ਜਿਸ ਧੀ ਦੇ ਬਚਪਨ ਦੀਆਂ ਕਿਲਕਾਰੀਆਂ ਦਾ ਪਿਆਰ ਉਨਾਂ ਪੰਥ ਤੋਂ ਹੱਸ ਕੇ ਵਾਰ ਦਿੱਤਾ।

ਲਾਹੌਰ ਜੇਲ੍ਹ ਦੀਆਂ ਕਾਲ-ਕੋਠੜੀਆਂ ਚ ਬੈਠ ਬੱਚੀ ਦੀ ਪਹਿਲੀ ਮੁਲਾਕਾਤ ਸਮੇਂ ਭਾਵੁਕ ਹੋ ਕੇ ਕਵਿਤਾ ਲਿਖਕੇ ਪਿਆਰ ਦਾ ਪ੍ਰਗਟਾਵਾ ਕਰਦੇ ਇੰਝ ਲਿਖਦੇ ਹਨ ।

"ਮੇਰੀ ਧੀ ਆਈ ਹੈ,
ਕਿੰਨਾਂ ਪਿਆਰ ਲਿਆਈ ਹੈ"

ਮੁਲਾਕਾਤਾਂ ਦਾ ਸਿਲਸਿਲਾ ਚੱਲਦਾ ਰਿਹਾ ਇਕੋ ਇਕ ਸਹਾਰਾ ਧੀ ਨੂੰ ਜਦ ਜਵਾਨ ਹੁੰਦਿਆ ਵੇਖ ਲਿਖਿਆ ।

ਧੀਆਂ ਤੇ ਧ੍ਰੇਕਾਂ ਛੇਤੀ ਹੁੰਦੀਆਂ ਜਵਾਨ,
ਸੱਚ ਨਾਲੋ ਸੱਚਾ ਹੈ ਇਹ ਜੱਗ ਦਾ ਅਖਾਣ ।

ਕਦੇ ਅੰਮਾਂ ਜਾਈਆਂ ਭੈਣਾਂ ਦੀ ਯਾਦ ਚ ਗਿਲਾ ਕਰਦਿਆਂ ਲਿਖਿਆ ।
"ਨਿਰਮੋਹੀਆਂ ਭੈਣਾਂ"

ਅਸਹਿ ਸਦਮਾਂ ਮਾਂ ਦੇ ਵਿਛੋੜੇ ਤੇ ਲਿਖੀ ਕਵਿਤਾ ਪੜ੍ਹ ਮਨ ਵੈਰਾਗ ਚ ਚਲੇ ਜਾਂਦਾ ਹੈ ।

ਤੁਰ ਗਈ ਮਾਂ,
ਠੰਡੀ ਮਿੱਠੀ ਛਾਂ ।
ਤੁਰ ਗਈ ਮਾਂ,
ਠੰਡੀ ਮਿੱਠੀ ਛਾਂ ।

ਸੰਨ੍ਹ 2018 ਵਿਚ ਜੀਵਣ ਸਾਥਣ ਬੀਬੀ ਮਨਜੀਤ ਕੌਰ ਜੀ ਅਕਾਲ ਪੁਰਖ ਵੱਲੋ ਮਿਲੇ ਸਵਾਸਾਂ ਦੀ ਪੂੰਜੀ ਸਮਾਪਤ ਕਰਦਿਆਂ ਇੰਗਲੈਂਡ ਵਿਖੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਜੀਵਨ ਸਾਥਣ ਦੇ ਸਸਕਾਰ ਤੇ ਸਾਥੀਆਂ ਨੇ ਸਰਦਾਰ ਗਜਿੰਦਰ ਸਿੰਘ ਜੀ ਨੂੰ ਪੁੱਛਿਆ ਕਿ ਦੱਸੋ ਆਪਣੀ ਕੋਈ ਖਵਾਹਿਸ਼ ਜੋ ਤੁਸੀ ਲਾਹੌਰ ਬੈਠੇ ਪੂਰੀ ਨਾ ਕਰ ਸਕਦੇ ਹੋਵੋ.... ?

ਤਾਂ ਉਹਨਾਂ ਆਪਣੇ ਜਜ਼ਬਾਤਾਂ ਨੂੰ ਕਾਗਜ ਦੀ ਹਿੱਕ ਤੇ ਉਕਰਦਿਆਂ ਦੋ ਲਫਜ਼ਾਂ ਚ ਕਿਹਾ "ਪਿਆਰ ਨਾਲ ਵਿਦਾ ਕਰ ਦਿਓ" ਪਰ ਇਸਦੀ ਰਾਖ ਸਤਿਗੁਰੂ ਨਾਨਕ ਦੇ ਜੀ ਦੀ ਜਨਮ ਭੋਂਇ ਲਹਿੰਦੇ ਪੰਜਾਬ ਅਤੇ ਸ਼ੇਰੇ ਪੰਜਾਬ ਦੇ ਸ਼ਹਿਰ ਦੇ ਦਰਿਆ ਰਾਵੀ ਵਿਚ ਪਾਇਓ ।

ਸਰਦਾਰ ਗਜਿੰਦਰ ਸਿੰਘ ਜੀ ਸ਼ੋਸ਼ਲ ਮੀਡੀਆ ਅਖਬਾਰਾਂ ਰਾਂਹੀ ਪੰਥ ਨਾਲ ਲੰਮੇ ਸਮੇਂ ਤੋਂ ਜੁੜੇ ਸਨ ਤੇ ਸਮੇਂ-2 ਆਪਣੇ ਜਜਬਾਤਾਂ ਦੀ ਸਾਂਝ ਪਾਉਂਦੇ ਰਹਿੰਦੇ ਸਨ ਅਜੋਕੇ ਪੰਥਕਾਂ ਲਈ ਪਿਛਲੇ ਸਮੇਂ ਦੌਰਾਨ ਸਰਦਾਰ ਸਾਬ ਨੇ ਇਕ ਕੀਮਤੀ ਨੁਕਤਾ ਸਾਂਝਾ ਕੀਤਾ।

"ਕਿਸੇ ਵੀ ਸੰਘਰਸ਼ਸ਼ੀਲ ਲਹਿਰ ਦੀ ਸਫਲਤਾ ਲਈ ਦੁਸ਼ਮਣ ਘੱਟ ਤੋਂ ਘੱਟ ਬਣਾਉਣ ਦਾ ਰਾਹ ਚੁਣਿਓਂ,ਜੋ ਬੰਦਾ ਤੁਹਾਡੇ ਨਾਲ ਪਹਿਲੀ ਕਤਾਰ ਵਿੱਚ ਤੁਰ ਰਿਹਾ ਹੁੰਦਾ ਹੈ, ਉਹ ਤਾਂ ਆਪਣਾ ਹੁੰਦਾ ਹੀ ਹੈ । ਪਰ ਉਹ ਵੀ ਤੁਹਾਡਾ ਹੀ ਹੁੰਦਾ ਹੈ, ਜੋ ਦੂਰ ਖੜ੍ਹਾ ਰਹਿ ਕੇ ਤੁਹਾਡੀ ਹਮਾਇਤ ਵਿੱਚ ਕੇਵਲ ਹੱਥ ਹੀ ਖੜ੍ਹਾ ਕਰਦਾ ਹੈ, ਉਹ ਵੀ ਤੁਹਾਡਾ ਹੀ ਹੁੰਦਾ ਹੈ, ਜੋ ਕਿਸੇ ਮਜਬੂਰੀ ਵੱਸ ਹੱਥ ਖੜ੍ਹਾ ਕਰਨੋ ਵੀ ਝਿਜਕਦਾ ਜਾਂ ਡਰਦਾ ਹੈ ਪਰ ਤੁਹਾਡੇ ਵੱਲ ਵੇਖ ਕੇ ਹਮਾਇਤ ਭਰੀ ਮੁਸਕਰਾਹਟ ਬਖੇਰਦਾ ਹੈ ਦੁਸ਼ਮਣ ਸਿਰਫ ਉਹ ਹੁੰਦਾ ਹੈ, ਜੋ ਤੁਹਾਡੇ ਖਿਲਾਫ ਹਕੂਮਤ ਦਾ ਹੱਥਠੋਕਾ ਬਣ ਕੇ ਹਥਿਆਰ ਚੁੱਕਦਾ ਹੈ।"

ਬਿਨਾਂ ਵਜ੍ਹਾ ਆਪਣਿਆਂ ਨੂੰ ਕੋਸਣ ਵਾਲੇ ਇਸ ਨੇਕ ਰੂਹ ਵਲੋਂ ਜਿੰਦਗੀ ਭਰ ਕਾਲ-ਕੋਠੜੀਆਂ ਦੀ ਸਜ਼ਾ ਭੋਗਦਿਆਂ ਰੱਬੀ ਸਬਰ ਸ਼ੁਕਰ ਵਿਚ ਰਹਿ ਕੇ ਘਾਲੀ ਘਾਲਣਾ ਤੇ ਨਿਭਾਏ ਸਿੱਖੀ ਸਿਦਕ ਤੋਂ ਕੁਝ ਸਿੱਖਣ ਦੀ ਜ਼ਰੂਰਤ ਹੈ।

# ਦਲ ਖਾਲਸਾ ਦੇ ਸਰਪ੍ਰਸਤ ਭਾਈ ਗਜਿੰਦਰ ਸਿੰਘ ਖਾਲਸਾ ਦਾ ਵਿਛੌੜਾ ਅਸਿਹ ਤੇ ਅਕਿਹ : ਕਰਨੈਲ ਸਿੰਘ ਪੀਰਮੁਹੰਮਦ





**ਅਮ੍ਰਿੰਤਸਰ, 5 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੌਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਸਰਪ੍ਰਸਤ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੇ ਸਰੀਰਕ ਵਿਛੌੜਾ ਦੇ ਗਏ ਦਲ ਖਾਲਸਾ ਦੇ ਮੋਢੀ ਆਗੂਆਂ ਵਿਚੋਂ ਇੱਕ ਅਤੇ ਮੌਜੂਦਾ ਸਰਪ੍ਰਸਤ ਭਾਈ ਗਜਿੰਦਰ ਸਿੰਘ ਖਾਲਸਾ ਨੂੰ ਯਾਦ ਕਰਦਿਆ ਕਿਹਾ ਹੈ ਕਿ ਉਹ ਸਿੱਖ ਕੌਮ ਦੀ ਮਾਇਆਨਾਜ ਹਸਤੀ ਸਨ ਜਿੰਨਾ ਨੇ ਆਪਣੇ ਜੀਵਨ ਕਾਲ ਦੇ 44 ਸਾਲ ਜਲਾਵਤਨ ਰਹਿ ਕੇ ਗੁਜਾਰੇ ਤੇ ਅਖੀਰ ਖਾਲਸਾ ਰਾਜ ਦੀ ਪਵਿੱਤਰ ਧਰਤੀ ਤੇ ਆਖਰੀ ਸਾਹ ਲਿਆ । ਉਹ ਜਿੰਦਾ ਸ਼ਹੀਦ ਸਨ ਤੇ ਹੁਣ ਉਹ ਸਦਾ ਲਈ ਅਮਰ ਹੋ ਗਏ ਹਨ । ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਅੱਜ ਦਾ ਦਿਨ ਬਹੁਤ ਹੀ ਵੈਰਾਗਮਈ ਰਿਹਾ ਜਦ ਉਹਨਾਂ ਦੇ ਲਾਸਾਨੀ ਕਾਰਨਾਮੇ ਨੂੰ ਯਾਦ ਕਰਦਿਆ ਉਹਨਾਂ ਦੀ ਸਖਸੀਅਤ ਨੂੰ ਵਾਰ ਵਾਰ ਨਤਮਸਤਕ ਹੋਣ ਨੂੰ ਦਿਲ ਕਰਦਾ ਹੈ । 13 ਅਪ੍ਰੈਲ ਨੂੰ ਅਕਾਲ ਤਖਤ ਸਾਹਿਬ ਤੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾ ਰਹੇ ਹਨ ਸਮੁੱਚੇ ਸਿੱਖ ਜਗਤ ਨੂੰ ਇਸ ਮਹਾਨ ਯੋਧੇ ਦੀ ਅੰਤਿਮ ਅਰਦਾਸ ਵਿੱਚ ਵੱਧ ਚੜ੍ਹ ਕੇ ਸਾਮਲ ਹੋਣਾ ਚਾਹੀਦਾ ਹੈ ਉਹਨਾਂ ਦੀ ਤਸਵੀਰ ਅਜਾਇਬ ਘਰ ਵਿੱਚ ਲਗਾਈ ਜਾਣੀ ਚਾਹੀਦੀ ਹੈ ।

# ਪੰਜਾਬੀ ਸਾਹਿਤ ਖੇਤਰ ਦੀ ਮਾਣਮੱਤੀ ਸਖਸ਼ੀਅਤ ਕੁਲਵਿੰਦਰ ਵਿਰਕ ਦਾ ਹੋਵੇਗਾ ਰੁਬਰੂ ਤੇ ਪੰਜਾਬੀ ਲੋਕ ਗਾਇਕਾ ਸਰਬਜੀਤ ਕੌਰ ਦਾ ਗੀਤ ਲੋਕ ਅਰਪਣ





**ਫ਼ਰੀਦਕੋਟ, 5 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਕਲਮਾਂ ਦੇ ਰੰਗ ਸਾਹਿਤ ਸਭਾ ( ਰਜਿ) ਫ਼ਰੀਦਕੋਟ ਵੱਲੋ ਪੰਜਾਬੀ ਦੇ ਮਾਣਮੱਤੇ ਸ਼ਾਇਰ ਕੁਲਵਿੰਦਰ ਵਿਰਕ ਦਾ ਰੁਬਰੂ ਕਰਵਾਇਆ ਜਾ ਰਿਹਾ । ਇਸੇ ਮੰਚ ਤੋ ਪੰਜਾਬੀ ਦੀ ਉੱਘੀ ਲੋਕ ਗਾਇਕਾ ਸਰਬਜੀਤ ਕੌਰ ਦਾ ਗੀਤ ਲੋਕ ਅਰਪਣ ਕੀਤਾ ਜਾਵੇਗਾ । ਇਹ ਸਮਾਗਮ ਦੇ ਮੁੱਖ ਮਹਿਮਾਨ ਡਾਂ. ਮਨਜੀਤ ਭੱਲਾ ਜੀ ਸੇਵਾ ਮੁਕਤ ਸਹਾਇਕ ਸਿਵਲ ਸਰਜਨ ਤੇ ਵਿਸੇਸ਼ ਮਹਿਮਾਨ ਵਜੋ ਸ.ਜਸਕਰਨ ਸਿੰਘ ਬੀ.ਪੀ.ਈ.ਓ ਫ਼ਰੀਦਕੋਟ ਪਹੁੰਚਣਗੇ। ਇਹ ਸਮਾਗਮ 7 ਜੁਲਾਈ ਦਿਨ ਐਤਵਾਰ ਬਲਾਕ ਪ੍ਰਾਇਮਰੀ ਸਿੱਖਿਆ ਦਫਤਰ ਨੇੜੇ ਜੁਬਲੀ ਚੌਕ ਫ਼ਰੀਦਕੋਟ ਹੋ ਰਿਹਾ। ਇਸ ਸਮਾਗਮ ਦੀ ਜਾਣਕਾਰੀ ਸਭਾ ਦੇ ਜਨਰਲ ਸਕੱਤਰ ਜਸਵਿੰਦਰ ਜੱਸ ਨੇ ਪ੍ਰੈਸ ਨਾਲ ਸਾਂਝੀ ਕੀਤੀ ।

# ਜਨਮ ਦਿਨ ਮੁਬਾਰਕ



ਸ੍ਰ ਫਤਿਹਵੀਰ ਸਿੰਘ
ਪਿਤਾ ਭਾਈ ਬਲਰਾਜ ਸਿੰਘ ਮਾਤਾ ਸਰਦਾਰਨੀ ਅੰਮ੍ਰਿਤਪਾਲ ਕੌਰ ਦਾਦਾ ਭਾਈ ਸ਼ੰਗਾਰਾ ਸਿੰਘ ਦਾਦੀ ਪਰਮਜੀਤ ਕੌਰ ਨਾਨਾ ਕੁਲਵੰਤ ਸਿੰਘ ਵਿਰਦੀ ਨਾਨੀ ਰਜਿੰਦਰ ਕੌਰ ਮਾਮਾ ਭਾਈ ਸੁਖਮਨਦੀਪ ਸਿੰਘ ਮਾਮੀ ਸਿਮਰਨਜੀਤ ਕੌਰ ਨੂੰ ਕਾਕਾ ਫ਼ਤਹਿਵੀਰ ਸਿੰਘ ਦੇ ਜਨਮਦਿਨ ਦੀਆਂ ਲੱਖ-ਲੱਖ ਵਧਾਈਆਂ।



**ਕਾਕਾ ਸਾਹਿਬ ਜੋਤ ਸਿੰਘ**
ਦਾਦਾ : ਸੁਖਵਿੰਦਰ ਸਿੰਘ, ਦਾਦੀ : ਜਸਵੀਰ ਕੌਰ
ਪਿਤਾ : ਗੁਰਭੇਜ ਸਿੰਘ, ਮਾਤਾ : ਸੰਦੀਪ ਸਿੰਘ
ਪਿੰਡ ਅਹਿਲ ਕੇ ਖ਼ਾਨ (ਤਰਨਤਾਰਨ)
ਨਾਨਾ ਜੀ ਬਾਬਾ ਸਤਨਾਮ ਸਿੰਘ ਵੱਲੀਆਂ
ਪੰਜਾਬ ਪ੍ਰਧਾਨ ਧਾਰਮਿਕ ਵਿੰਗ

ਆਵਾਜ਼ਿ ਕੌਮ AWAZE QAUM International Newspaper & WEB TV

# ਬਰਤਾਨਵੀ ਚੋਣਾਂ ਦੌਰਾਨ ਚੁਣੇ ਗਏ ਪੰਜਾਬੀ




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗਿਆਨੀ ਪਰਵਿੰਦਰਪਾਲ ਸਿੰਘ ਬੁਟੱਰ ਅਤੇ ਗਿਆਨੀ ਕੇਵਲ ਸਿੰਘ ਬਹਿਣੀਵਾਲ (ਪੰਜ ਪਿਆਰੇ ਤਖ਼ਤ ਸ੍ਰੀ ਦਮਦਮਾ ਸਾਹਿਬ) ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਸਾਹਿਬ ਵਿਖੇ

## ਸੇਵਾ ਸੰਭਾਲੇ ਜਾਣ 'ਤੇ ਲੱਖ-ਲੱਖ ਵਧਾਈ







--★ ਗੁਰੂ ਪੰਥ ਦਾ ਸੇਵਾਦਾਰ ★--

## ਭਾਈ ਰਘਵੀਰ ਸਿੰਘ ਵਾਲਸਾਲ

## ਐਡੀਟਰ-ਇਨ-ਚੀਫ

ਆਵਾਜ਼ਿ-ਕੌਮ ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ

ਪ੍ਰਧਾਨ,

ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.

# ਗਿਆਨੀ ਪਰਵਿੰਦਰਪਾਲ ਸਿੰਘ ਬੁਟੱਰ ਅਤੇ ਗਿਆਨੀ ਕੇਵਲ ਸਿੰਘ ਬਹਿਣੀਵਾਲ (ਪੰਜ ਪਿਆਰੇ ਤਖ਼ਤ ਸ੍ਰੀ ਦਮਦਮਾ ਸਾਹਿਬ) ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਸਾਹਿਬ ਵਿਖੇ

# ਸੇਵਾ ਸੰਭਾਲੇ ਜਾਣ 'ਤੇ ਲੱਖ-ਲੱਖ ਵਧਾਈ





ਇੰਟਰਨੈਸ਼ਨਲ ਪੰਥਕ ਦਲ

INTERNATIONAL PANTHIC DAL

--✶ ਵੱਲੋਂ ✶--

## ਇੰਟਰਨੈਸ਼ਨਲ ਪੰਥਕ ਦਲ ਯੂ. ਕੇ.

ਸਮੂਹ ਅਹੁਦੇਦਾਰ ਤੇ ਮੈਂਬਰ

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਾਈ ਸਰਬਜੀਤ ਸਿੰਘ ਖਾਲਸਾ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਪ੍ਰਵਾਰ ਨੂੰ ਸਨਮਾਨਿਤ ਕਰਕੇ

# ਪੰਥ ਪ੍ਰਸਤੀ ਦਾ ਸਬੂਤ ਦੇ ਕੇ ਆਪਣੇ ਵਿਰੋਧੀਆਂ ਦੇ ਮੂੰਹ ਤੇ ਤਾਲੇ ਜੜ੍ਹ ਦਿੱਤੇ ਹਨ : ਭਾਈ ਮੋਹਕਮ ਸਿੰਘ














**ਨਵੀਂ ਦਿੱਲੀ, 5 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸਰਬੱਤ ਖਾਲਸਾ ਦੇ ਮੁੱਖ ਪ੍ਰਬੰਧਕ , ਦਮਦਮੀ ਟਕਸਾਲ ਦੇ ਸੀਨੀਅਰ ਆਗੂ ਭਾਈ ਮੋਹਕਮ ਸਿੰਘ ਨੇ ਇੱਕ ਪ੍ਰੈਸ ਬਿਆਨ ਰਾਹੀਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਅਮਰ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ ਅਤੇ ਫਰੀਦਕੋਟ ਲੋਕ ਸਭਾ ਹਲਕੇ ਤੋਂ ਲੋਕ ਸਭਾ ਮੈਂਬਰ ਭਾਈ ਸਰਬਜੀਤ ਸਿੰਘ ਖਾਲਸਾ ਅਤੇ ਵਾਰਿਸ ਪੰਜਾਬ ਦੇ ਮੁੱਖੀ ਤੇ ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਲੋਕ ਸਭਾ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਸ ਤਰਸੇਮ ਸਿੰਘ ਨੂੰ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸਨਮਾਨਿਤ ਕਰਕੇ ਪੰਥ ਪ੍ਰਸਤੀ ਦਾ ਸਬੂਤ ਦਿੱਤਾ ਹੈ ਅਤੇ ਆਪਣੇ ਵਿਰੋਧੀਆਂ ਦੇ ਮੂੰਹ ਤੇ ਤਾਲੇ ਜੜ੍ਹ ਦਿੱਤੇ ਹਨ । ਉਹਨਾਂ ਕਿਹਾ ਪੰਥ ਨੇ ਖਡੂਰ ਸਾਹਿਬ ਤੇ ਫਰੀਦਕੋਟ ਵਿੱਚ ਲੋਕ ਸਭਾ ਚੋਣਾਂ ਵਿੱਚ ਪੰਥ ਪ੍ਰਸਤਾ ਦੇ ਹੱਕ ਵਿੱਚ ਫਤਵਾ ਦੇ ਨਵੀਂ ਪੰਥਕ ਲੀਡਰਸ਼ਿਪ ਦਾ ਮੁੱਢ ਬੰਨ੍ਹ ਦਿੱਤਾ ਹੈ । ਇਹ ਜਵਾਰ ਭਾਟਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਵਿੱਚ ਸਦਾ ਲਈ ਬਾਦਲਾਂ ਦਾ ਪੰਥਕ ਮੰਚ ਤੋਂ ਸਫ਼ਾਇਆ ਕਰ ਦੇਵੇਗਾ । ਉਹਨਾਂ ਕਿਹਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ ਹਰਮੀਤ ਸਿੰਘ ਕਾਲਕਾ ਅਤੇ ਉਹਨਾਂ ਦੀ ਸਮੁੱਚੀ ਟੀਮ ਦੀ ਜਿਨ੍ਹੀਂ ਵੀ ਸ਼ਲਾਘਾ ਕੀਤੀ ਜਾਵੇ ਘੱਟ ਹੈ । ਜਿਹਨਾਂ ਨੇ ਭਾਈ ਸਰਬਜੀਤ ਸਿੰਘ ਖਾਲਸਾ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਨੂੰ ਸਨਮਾਨਿਤ ਕਰਕੇ ਪੰਥਕ ਪ੍ਰਸਤਾ ਨੂੰ ਹੱਲਾਸ਼ੇਰੀ ਦਿੱਤੀ ਹੈ । ਉਹਨਾਂ ਕਿਹਾ ਇਸ ਤੋਂ ਵੀ ਪਹਿਲਾਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ ਹਰਮੀਤ ਸਿੰਘ ਕਾਲਕਾ ਤੇ ਉਹਨਾਂ ਦੀ ਟੀਮ ਵਲੋਂ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਦਾ ਸ਼ਹੀਦੀ ਦਿਹਾੜਾ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਵਿਖੇ ਕੌਮੀ ਪੱਧਰ ਤੇ ਮਨਾਕੇ ਅਤੇ ਭਾਈ ਕਾਉਂਕੇ ਦੇ ਕਾਤਲਾਂ ਵਿਰੁੱਧ ਅਵਾਜ਼ ਬੁਲੰਦ ਕਰਕੇ ਸ਼ਲਾਘਾ ਯੋਗ ਕਾਰਜ ਕੀਤਾ ਸੀ ।ਉਹਨਾਂ ਕਿਹਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਲੀ ਲਾਲ ਕਿਲ੍ਹੇ ਤੇ ਹਰ ਸਾਲ ਫ਼ਤਹਿ ਦਿਵਸ ਤੇ ਵੱਡੇ ਸਮਾਗ.ਮ ਕਰਕੇ ਸਿੱਖ ਕੌਮ ਵਿੱਚ ਵੱਡੀ ਜਾਗਰਤੀ ਪੈਦਾ ਕੀਤੀ ਹੈ । ਛੋਟੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜੇ ਮਨਾ ਕੇ ਸਿੱਖ ਕੌਮ ਵਿੱਚ ਨਵੀਂ ਰੂਹ ਫੂਕੀ ਹੈ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਾਈ ਸਰਬਜੀਤ ਸਿੰਘ ਖਾਲਸਾ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਪ੍ਰਵਾਰ ਨੂੰ ਸਨਮਾਨਿਤ ਕਰਕੇ

# ਪੰਥ ਪ੍ਰਸਤੀ ਦਾ ਸਬੂਤ ਦੇ ਕੇ ਆਪਣੇ ਵਿਰੋਧੀਆਂ ਦੇ ਮੂੰਹ ਤੇ ਤਾਲੇ ਜੜ੍ਹ ਦਿੱਤੇ ਹਨ : ਭਾਈ ਮੋਹਕਮ ਸਿੰਘ














ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪਹਿਲੇ ਪ੍ਰਕਾਸ਼ ਪੁਰਬ ਨਮਿਤ ਪੰਜ ਤਖਤ ਸਾਹਿਬਾਨ ਅਤੇ ਹੋਰ ਇਤਿਹਾਸਿਕ ਗੁਰੂ ਧਾਮਾਂ ਦੇ ਦਰਸ਼ਨਾਂ ਵਾਸਤੇ

# ਗੁਰਦੁਆਰਾ ਸ਼ਹੀਦ ਬਾਬਾ ਭੁਜੰਗ ਸਿੰਘ ਜੀ ਟ੍ਰਸਟ, ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਲੋਂ ਸਪੇਸ਼ਲ ਰੇਲ ਯਾਤਰਾ ਦਾ ਉਪਰਾਲਾ: ਸ੍ਰ ਰਵਿੰਦਰ ਸਿੰਘ ਬੁੰਗਈ



**ਚੌਕ ਮਹਿਤਾ, 5 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬਜੀ ਦੇ ਜੱਥੇਦਾਰ ਮਾਨਯੋਗ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ ਸਮੂੰਹ ਮਾਨਯੋਗ ਪੰਜਪਿਆਰੇ ਸਾਹਿਬਾਨ, ਮਾਨਯੋਗ ਸੰਤ ਬਾਬਾ ਨਰਿੰਦਰ ਸਿੰਘ ਜੀ ਮੁੱਖੀ ਗੁਰਦੁਆਰਾ ਲੰਗਰ ਸਾਹਿਬ ਅਤੇ ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰ ਸੇਵਾ ਵਾਲੇ ਇਨਾਂ ਦੇ ਆਸੀਸ ਪ੍ਰਾਪਤ ਕਰਕੇ ਪੰਜ ਤਖਤ ਸਾਹਿਬ ਅਤੇ ਹੋਰ ਗੁਰੂ ਧਾਮਾਂ ਦੇ ਦਰਸ਼ਨਾ ਵਾਸਤੇ ਮਿਤੀ 25 ਅਗਸਤ ਤੋਂ 6 ਸਤੰਬਰ 2024 ਦਰਮਿਆਨ ਪਹਿਲੇ ਪ੍ਰਕਾਸ਼ ਪੁਰਬ ਨਮਿਤ ਗੁਰਦੁਆਰਾ ਸ਼ਹੀਦ ਬਾਬਾ ਭੁਜੰਗ ਸਿੰਘ ਜੀ ਟ੍ਰਸਟ, ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵੱਲੋਂ ਸਪੇਸ਼ਲ ਰੇਲ ਯਾਤਰਾ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਇਸ ਯਾਤਰਾ ਵਿੱਚ 19 ਬੋਗੀਆ ਧਾਰਮਿਕ ਬੋਗੀ ਲਈ ਵੀ.ਆਯ.ਪੀ. ਏ.ਸੀ. ਸਲੂਨ, ਗੁਰੂ ਸਾਹਿਬ ਜੀ ਦੇ ਘੋੜੇ, ਲੰਗਰ ਵਾਸਤੇ ਪੈਨਟਰੀ ਕਾਰ, ਚਾਰ ਏ.ਸੀ.10 ਸਲੀਪਰ, 1 ਜਨਰਲ ਆਦਿ ਬੋਗੀ ਹੋਣਗੇ। ਇਸ ਯਾਤਰਾ ਵਿੱਚ ਗੁਰ ਮਰਿਯਾਦਾ ਅਨੁਸਾਰ ਪੂਜਾ-ਪਾਠ ਕੀਤਾ ਜਾਵੇਗਾ ਲਗਭਗ 1300 ਦੀ ਗਿਣਤੀ ਵਿੱਚ ਤਖਤ ਸਾਹਿਬਜੀ ਦੇ ਨਾਲ-ਨਾਲ ਆਲੇ- ਦੁਆਲੇ ਪਿੰਡ, ਤੇਲੰਗਾਨਾ, ਆਂਧਾ ਸਟੇਟ ਆਦਿ ਥਾਵਾਂ ਦੀ ਸੰਗਤ ਹੋਵੇਗੀ। ਇਸ ਯਾਤਰਾ ਵਾਸਤੇ ਗੁਰਦੁਆਰਾ ਸੱਚਖੰਡ ਬੋਰਡ ਦੇ ਮਾਨਯੋਗ ਪ੍ਰਸ਼ਾਸਕ-ਡਾ.ਸ੍ਰ.ਵਿਜੇ ਸਤਬੀਰ ਸਿੰਘ ਜੀ ਅਪਨੀ ਸ਼ੁਭਕਾਮਨਾਵਾਂ ਦਿੰਦੇ ਹੋਏ ਗੁਰਦੁਆਰਾ ਬੋਰਡ ਵੱਲੋਂ ਯਾਤਰਾ ਨੂੰ ਸਫਲ ਬਨਾਉਣ ਵਾਸਤੇ ਅਤੇ ਸੰਗਤ ਦੀ ਸੇਵਾ ਵਾਸਤੇ ਪੂਰਾ ਯੋਗਦਾਨ ਦੇਣ ਦਾ ਭਰੋਸਾ ਦਿੱਤਾ ਹੈ ਇਸ ਯਾਤਰਾ ਵਾਸਤੇ ਮਿਤੀ 23 ਅਗਸਤ 2024 ਨੂੰ ਤਖਤ ਸਾਹਿਬ ਵਿਖੇ ਅਖੰਡਪਾਠ ਰੱਖਿਆ ਗਿਆ ਹੈ। ਇਹ ਯਾਤਰਾ ਮਿਤੀ 25 ਅਗਸਤ 2024 ਨੂੰ ਤਖਤ ਸਾਹਿਬ ਵਿਖੇ ਰੱਖੇ ਗਏ ਅਖੰਡਪਾਠ ਸਾਹਿਬ ਦੀ ਸਮਾਪਤੀ ਉਪਰੰਤ ਅਰਦਾਸ ਕਰ ਸਵੇਰੇ 11.30 ਵਜੇ ਹਜ਼ੂਰ ਸਾਹਿਬ ਨਾਂਦੇੜ ਤੋਂ ਮਾਨਯੋਗ ਪੰਜਪਿਆਰੇ ਸਾਹਿਬਾਨ ਅਤੇ ਸੰਤ ਮਹਾਂਪੁਰਖ ਅਤੇ ਹੋਰ ਪੰਥਕ ਸ਼ਕਸ਼ੀਅਤਾਂ, ਦੇ ਮੁੱਖ ਹਾਜਰੀ ਵਿੱਚ ਰਵਾਨਾ ਹੋਵੇਗੀ। ਇਹ ਰੇਲ ਯਾਤਰਾ ਹਜ਼ੂਰ ਸਾਹਿਬ ਤੋਂ ਔਰੰਗਾਬਾਦ-ਮਨਮਾੜ - ਭੁਸਾਵਲ - ਖੰਡਵਾ - ਇਟਾਰਸੀ - ਜਬਲਪੁਰ- ਅਲਾਹਾਬਾਦ (ਬਨਾਰਸ) ਰਹੀ ਤਖਤ ਸ੍ਰੀ ਹਰਿਮੰਦਰ ਪਟਨਾ ਸਾਹਿਬ ਪੁੱਜੇਗੀ ਉਥੋਂ ਦਿੱਲੀ, ਦਿੱਲੀ ਤੋਂ ਵਾਯਾ ਸਰਹਿੰਦ ਤੋਂ ਤਖਤ ਸ੍ਰੀ ਕੇਸਗੜ ਆਨੰਦਪੁਰ ਸਾਹਿਬ, ਫਤਿਹਗੜ ਸਾਹਿਬ ਤੋਂ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੋਂ ਦਰਸ਼ਨ ਕਰਕੇ ਤਖਤ ਸ੍ਰੀ ਅਕਾਲ ਤਖਤ ਸਾਹਿਬ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਹੋਰ ਗੁਰੂ ਧਾਮਾਂ ਦੇ ਦਰਸਨ ਕਰ ਵਾਪਸ ਅੰਮ੍ਰਿਤਸਰ ਤੋਂ ਕਰਤਾਰਪੁਰ - ਲੁਧਿਆਣਾ-ਅੰਬਾਲਾ-ਦਿੱਲੀ-ਗਵਾਲੀਅਰ-ਡਬਰਾ-ਇਟਾਰਸੀ-ਖੰਡ-ਭੁਸਾਵਲ- ਮਨਮਾੜ-ਔਰੰਗਾਬਾਦ ਰਾਹੀਂ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਪੁੱਜੇਗੀ। ਦਿੱਲੀ-ਪੰਜਾਬ-ਹਰਿਆਣਾ ਦੇ ਸਮੂਹ ਸੰਤ ਮਹਾਪੁਰਖ, ਸਾਧ-ਸੰਗਤ ਜੱਥੇਬੰਦੀਆਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਸੇਵਾ- ਸੁਸਾਈਟੀਆਂ ਨੂੰ ਬੇਨਤੀ ਹੈ ਕਿ, ਯਾਤਰਾ ਵਿੱਚ ਪੁੱਜ ਰਹੀ ਸੰਗਤ ਲਈ ਆਪਣੇ ਵੱਲੋਂ ਸਟੇਸ਼ਨ ਤੇ ਪੁੱਜ ਕੇ ਆਪਣੇ ਵੱਲੋਂ ਲੰਗਰ, ਚਾਹ, ਪਾਣੀ ਆਦਿ ਦੀ ਸੇਵਾ ਸਹਿਯੋਗ ਦਿਓ ਜੀ।

# ਕਸਬੇ ਦੇ ਪਿੰਡਾਂ ਵਿੱਚ ਨਸ਼ੇ ਦਾ ਖਾਤਮਾ ਕਰਨ ਲਈ ਪੁਲਿਸ ਨੇ ਪਿੰਡਾਂ ਦੇ ਮੋਹਤਬਰਾਂ ਨਾਲ ਮੀਟਿੰਗ ਕਰਕੇ ਲੋਕਾਂ ਦਾ ਸਹਿਯੋਗ ਮੰਗਿਆ

## ਨਸ਼ੇ ਵੇਚਣ ਵਾਲਿਆਂ ਨੂੰ ਬਖਸ਼ਿਆ ਨਹੀ ਜਾਵੇਗਾ- ਡੀ.ਐਸ.ਪੀ



**ਤਲਵੰਡੀ ਸਾਬੋ, 5 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਸਥਾਨਕ ਕਸਬੇ ਦੇ ਪਿੰਡਾਂ ਦੇ ਨੌਜਵਾਨਾਂ ਵਿੱਚੋਂ ਨਸ਼ੇ ਦੀ ਲੱਤ ਨੂੰ ਨੱਥ ਪਾਉਣ ਦੇ ਮਕਸਦ ਨਾਲ ਤਲਵੰਡੀ ਸਾਬੋ ਦੇ ਡੀਐਸਪੀ ਸ੍ਰੀ ਰਜੇਸ਼ ਸੁਨੇਹੀ ਤੇ ਥਾਣਾ ਮੁਖੀ ਪਰਬਤ ਸਿੰਘ ਤੇ ਚੌਕੀ ਇੰਚਾਰਜ ਸੁਖਜੰਟ ਸਿੰਘ ਨੇ ਕਸਬੇ ਦੇ ਪਿੰਡਾਂ ਦੇ ਮੋਹਤਬਰਾਂ ਨਾਲ ਇਕੱਤਰਤਾ ਕਰਕੇ ਨਸ਼ੇ ਨੂੰ ਨੱਥ ਪਾਉਣ ਲਈ ਲੋਕਾਂ ਦਾ ਸਹਿਯੋਗ ਮੰਗਿਆ ਹੈ। ਇਸ ਸਬੰਧੀ ਸੀਗੋ ਮੰਡੀ ਦੇ ਮੈਰਿਜ ਪੈਲੇਸ ਵਿੱਚ ਕੀਤੀ ਗਈ ਮੀਟਿੰਗ ਵਿੱਚ ਜਿੱਥੇ ਪੁਲਿਸ ਪ੍ਰਸ਼ਾਸਨ ਨੇ ਪਿੰਡਾਂ ਦੇ ਮੋਹਤਬਰਾਂ ਤੋਂ ਸਲਾਹ ਲਈ ਕੇ ਕਿਵੇਂ ਨਸ਼ੇ ਨੂੰ ਦੂਰ ਕੀਤਾ ਜਾ ਸਕਦਾ ਹੈ ਉੱਥੇ ਉਨਾਂ ਲੋਕਾਂ ਨੂੰ ਪੁਲਿਸ ਦਾ ਸਹਿਯੋਗ ਕਰਨ ਦੀ ਵੀ ਅਪੀਲ ਕੀਤੀ ਹੈ। ਇਸ ਮੌਕੇ ਲੋਕਾਂ ਵੱਲੋਂ ਦਿੱਤੀ ਸਲਾਹ ਵਿੱਚ ਮੈਡੀਕਲ ਸਟੋਰਾਂ ਤੇ ਲਾਇਸੰਸ ਧਾਰਕ ਫਾਰਮਾਸਿਸਟ ਨੂੰ ਦਵਾਈਆਂ ਵੇਚਣਾ ਯਕੀਨੀ ਬਣਾਇਆ ਜਾਵੇ, ਵੱਖ-ਵੱਖ ਸਕੂਲਾਂ ਕਾਲਜਾਂ 'ਚ ਕਰਨ ਵਾਲੀ ਪ੍ਰਾਰਥਨਾ ਵਿੱਚ ਵਿਦਿਆਰਥੀਆਂ ਨੂੰ ਨਸ਼ੇ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾਵੇ, ਨਸ਼ੇ ਸਮੇਤ ਫੜੇ ਗਏ ਵਿਅਕਤੀ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇ, ਨਸ਼ੇ ਦਾ ਧੰਦਾ ਕਰਨ ਵਾਲੇ ਵੱਡੇ ਮਗਰ ਮੱਛਾਂ ਤੇ ਜ਼ਿਲ੍ਹਾ ਪੁਲਿਸ ਦੇ ਸਹਿਯੋਗ ਨਾਲ ਛਾਪਾਮਾਰੀ ਮਾਰ ਕੇ ਉਨਾਂ ਨੂੰ ਲੰਬੇ ਸਮੇਂ ਤੱਕ ਜੇਲ ਵਿੱਚ ਸੁੱਟਿਆ ਜਾਵੇ ਸਮੇਤ ਬਹੁਤ ਸਾਰੇ ਸੁਝਾਵ ਮੋਹਤਬਰ ਲੋਕਾਂ ਨੇ ਦਿੱਤੇ ਜਿਸ 'ਤੇ ਪੁਲਿਸ ਪ੍ਰਸ਼ਾਸਨ ਨੇ ਕਿਹਾ ਕਿ ਤੁਹਾਡੇ ਦਿੱਤੇ ਸੁਝਾਵਾਂ ਤੇ ਅਮਲ ਕਰਕੇ ਇੱਕ ਅਸੀਂ ਪਿੰਡਾਂ ਸਹਿਰਾਂ ਵਿੱਚੋਂ ਥੋੜੇ ਦਿਨਾਂ ਵਿੱਚ ਹੀ ਨਸ਼ੇ ਨੂੰ ਖਤਮ ਕਰਨ ਵਿੱਚ ਕੋਈ ਵੀ ਕਸਰ ਬਾਕੀ ਨਹੀਂ ਛੱਡਾਂਗੇ ਉਨਾਂ ਆਮ ਲੋਕਾਂ ਨੂੰ ਕਿਹਾ ਕਿ ਅਗਰ ਕੋਈ ਵੀ ਵਿਅਕਤੀ ਤੁਹਾਨੂੰ ਨਸ਼ਾ ਵੇਚਦਾ ਜਾਂ ਸੇਵਨ ਕਰਦਾ ਮਿਲੇ ਤਾਂ ਉਸ ਦੀ ਸੂਚਨਾ ਤੁਰੰਤ ਪੁਲਿਸ ਪ੍ਰਸ਼ਾਸਨ ਨੂੰ ਦਿੱਤੀ ਜਾਵੇ ਤੇ ਸੂਚਨਾ ਦੇਣ ਵਾਲੇ ਦਾ ਨਾਮ ਪਤਾ ਗੁਪਤ ਰੱਖਿਆ ਜਾਵੇਗਾ। ਇਸ ਮੌਕੇ ਪ੍ਰਧਾਨ ਅਵਤਾਰ ਸਿੰਘ ਜਗਾ, ਰਣਦੀਪ ਸਿੰਘ, ਕੁਲਵੰਤ ਸਿੰਘ, ਬਿੱਕਰ ਸਿੰਘ ਨਥੇਹਾ ਸਮੇਤ ਕਸਬੇ ਦੇ ਪਿੰਡਾਂ ਦੇ ਮੋਹਤਬਰ ਆਗੂ ਮੌਜੂਦ ਸਨ।

# ਕੈਂਸਰ ਜਾਗਰੂਕਤਾ ਸੰਬਧੀ ਸਰਕਾਰੀ ਮੈਡੀਕਲ ਕਾਲਜ ਵਿਖੇ ਕਰਵਾਇਆ ਗਿਆ ਸਮਾਗਮ



**ਚੌਕ ਮਹਿਤਾ, 5 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਵਲੋਂ ਸਿਵਲ ਸਰਜਨ ਡਾ ਸੁਮੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕੈਂਸਰ ਜਾਗਰੂਕਤਾ ਮੁਹਿੰਮ ਸੰਬਧੀ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਵਿਖੇ ਟਾਟਾ ਹੋਮੀ ਭਾਭਾ ਕੈਂਸਰ ਹਸਪਤਾਲ ਸੰਗਰੂਰ ਤੇ ਮੁਲਾਂਪੁਰ, ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਅੰਮ੍ਰਿਤਸਰ, ਅਤੇ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਦੇ ਸਹਿਯੋਗ ਨਾਲ ਇੱਕ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੌਰਾਨ ਸਿਵਲ ਸਰਜਨ ਡਾ ਸੁਮੀਤ ਸਿੰਘ ਨੇ ਕਿਹਾ ਕੈਂਸਰ ਦੀ ਜਲਦ ਪਹਿਚਾਣ ਹੀ ਉਸਦੇ ਇਲਾਜ ਵਿਚ ਮਦਦਗਾਰ ਸਾਬਿਤ ਹੁੰਦੀ ਹੈ, ਇਸ ਲਈ ਵਿਸਵ ਸਿਹਤ ਸੰਸਥਾ ਵਲੋਂ ਇਸ ਸਾਲ ਦਾ ਥੀਮ ਕਲੋਜ ਦਾ ਕੇਅਰ ਗੈਪ ਰਖਿਆ ਗਿਆ ਹੈ। ਉਹਨਾਂ ਆਖਿਆ ਕਿ ਇਸ ਮੁਹਿੰਮ ਦੌਰਾਣ ਜਿਲ੍ਹੇ ਭਰ ਵਿੱਚ ਵੱਖ-ਵੱਖ ਸਕੂਲਾਂ, ਕਾਲਜਾਂ, ਵਿਦਿਅਕ ਸੰਸਥਾਵਾਂ ਅਤੇ ਜਨਤਕ ਸੰਸਥਾਵਾਂ ਤੇ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਵਿਸ਼ੇਸ਼ ਕੈਂਪ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਕੈਂਸਰ ਦੇ ਆਮ ਲੱਛਣ ਛਾਤੀ ਵਿੱਚ ਗਿਲਟੀਆਂ, ਲਗਾਤਾਰ ਖਾਂਸੀ, ਮਹਾਂਵਾਰੀ ਵਿੱਚ ਜਿਆਦਾ ਖੂਨ ਆਉਣਾਂ, ਨਾਂ ਠੀਕ ਹੋਣ ਵਾਲੇ ਮੂੰਹ ਦੇ ਛਾਲੇ ਆਦਿ ਹਨ। ਇਸ ਲਈ ਸਾਨੂੰ ਸਮੇਂ-ਸਮੇਂ ਤੇ ਆਪਣੀ ਜਾਂਚ ਕਰਵਾਉਣੀ ਚਾਹੀਦੀ ਹੈ ਅਤੇ ਜੇਕਰ ਕੋਈ ਲੱਛਣ ਸਾਹਮਣੇ ਆਵੇ ਤਾਂ ਤੁਰੰਤ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ। ਇਸ ਅਵਸਰ ਤੇ ਪ੍ਰਿਸੀਪਲ ਜੀ.ਐਮ.ਸੀ. ਡਾ ਮ੍ਰਿਧੂ ਗਰੋਵਰ, ਐਸ.ਜੀ.ਆਰ.ਡੀ. ਦੇ ਵਾਈਸ ਚਾਸਲਰ ਮਨਜੀਤ ਸਿੰਘ ਉਪੱਲ, ਟਾਟਾ ਹਸਪਤਾਲ ਦੇ ਕੰਸਲਟੇਂਟ ਵੰਦਿੱਤਾ ਪਾਹਵਾ, ਡਾ ਹਰਜੋਤ ਸਿੰਘ, ਡਾ ਪ੍ਰੀਤੀ ਪੱਡਾ, ਡਾ ਪਰਮਜੋਤ, ਡਾ ਰਾਘਵ ਗੁਪਤਾ, ਡਾ ਸੁਨੀਤ ਅਤ ਸਮੂਹ ਸਟਾਫ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਭਾਈ ਗਜਿੰਦਰ ਸਿੰਘ ਜੀ ਦਾ ਅਕਾਲ ਚਲਾਣਾ

# ਸੰਘਰਸ਼ੀਧਿਰਾਂ ਵਾਸਤੇ ਨਾ ਪੂਰਾ ਹੋਣ ਵਾਲਾ ਘਾਟਾ - ਵਰਲਡ ਸਿੱਖ ਪਾਰਲੀਮੈਂਟ



ਫਰੈਂਕਫੋਰਟ - ਸਰਬਜੀਤ ਸਿੰਘ ਬਨੂੜ - ਵਰਲਡ ਸਿੱਖ ਪਾਰਲੀਮੈਂਟ ਦੇ ਕੋਆਰਡੀਨੇਟਰ ਭਾਈ ਹਿੰਮਤ ਸਿੰਘ ਅਮਰੀਕਾ ,ਕੋ-ਕੋਅਰਡੀਨੇਟਰ ਭਾਈ ਗੁਰਚਰਨ ਸਿੰਘ ਗੁਰਾਇਆ ਜਰਮਨੀ , ਮੁੱਖ ਬੁਲਾਰੇ ਭਾਈ ਜੋਗਾ ਸਿੰਘ, ਜਨਰਲ ਸਕੱਤਰ ਭਾਈ ਮਨਪ੍ਰੀਤ ਸਿੰਘ, ਇੰਗਲੈਂਡ ,ਭਾਈ ਗੁਰਪਾਲ ਸਿੰਘ , ਭਾਈ ਜਤਿੰਦਰ ਸਿੰਘ ਜਰਮਨੀ, ਭਾਈ ਜਸਵਿੰਦਰ ਸਿੰਘ, ਭਾਈ ਹਰਜੀਤ ਸਿੰਘ, ਹਰਜੋਤ ਸਿੰਘ ਸੰਧੂ ਹਾਲੈਂਡ, ਭਾਈ ਸਤਨਾਮ ਸਿੰਘ, ਭਾਈ ਸ਼ਿਗਾਰਾ ਸਿੰਘ ਮਾਨ ਫਰਾਂਸ ਅਤੇ ਭਾਈ ਕੁਲਦੀਪ ਸਿੰਘ ਬੈਲਜੀਅਮ ਨੇ ਪ੍ਰੈਸ ਦੇ ਨਾਂ ਜਾਰੀ ਬਿਆਨ ਕਰਦਿਆਂ ਹੋਇਆਂ ਕਿਹਾ ਕਿ ਦਲ ਖ਼ਾਲਸਾ ਦੇ ਭਾਈ ਗਜਿੰਦਰ ਸਿੰਘ ਨੇ ਲਗਭਗ 43 ਸਾਲਾ ਤੋ ਜਲਵਤਨੀ ਤੇ ਆਖ਼ਰੀ ਸਵਾਸਾਂ ਤੱਕ ਸਿੱਖ ਕੌਮ ਦੇ ਅਜ਼ਾਦ ਘਰ ਖਾਲਿਸਤਾਨ ਵਾਸਤੇ ਕਲਮ ਤੇ ਸਿਧਾਂਤਿਕ ਵੀਚਾਰਾਂ ਰਾਹੀ ਜੂਝਦਿਆਂ ਹੋਇਆਂ ਅਕਾਲ ਚਲਾਣਾ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ।ਆਗੂਆ ਨੇ ਕਿਹਾ ਕਿ ਸੰਘਰਸ਼ੀ ਜਰਨੈਲ ਦੀਆਂ ਸਿੱਖ ਕੌਮ ਦੀ ਅਜ਼ਾਦੀ ਦੇ ਸੰਘਰਸ਼ ਪ੍ਰਤੀ ਨਿਭਾਈਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨਹਾ ਕਿਹਾ ਕਿ ਉਨ੍ਹਾਂ ਦੀ ਜੀਵਨ ਸਾਥਣ ਵੀ ਉਸ ਸੰਘਰਸ਼ ਵਿੱਚ ਉਨ੍ਹਾਂ ਨਾਲ ਪੂਰੇ ਤੌਰ ਤੇ ਸ਼ਰੀਕ ਹੁੰਦੀ ਸੀ ।

ਵਰਲਡ ਸਿੱਖ ਪਾਰਲੀਮੈਂਟ ਸਿੱਖ ਸੰਘਰਸ਼ ਦੇ ਨਾਇਕ ਭਾਈ ਗਜਿੰਦਰ ਸਿੰਘ ਨੂੰ ਸ਼ਰਧਾਂ ਦੇ ਫੁੱਲ ਭੇਟ ਕਰਦੇ ਹੋਏ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਅਪੀਲ ਕਰਦੀ ਹੈ ਕਿ ਸਿੱਖ ਕੌਮ ਦੇ ਸੰਘਰਸ਼ੀ ਯੋਧੇ ਭਾਈ ਗਜਿੰਦਰ ਸਿੰਘ ਦੀ ਯਾਦ ਵਿੱਚ ਵੱਧ ਤੋ ਸਮਾਗਮ ਕਰਵਾਕੇ ਉਹਨਾਂ ਦੀਆਂ ਮਹਾਨ ਸੇਵਾਵਾਂ ਦੀ ਸੰਗਤਾਂ ਨਾਲ ਸਾਂਝ ਪਾਈ ਜਾਵੇ ਤੇ ਉਹਨਾਂ ਦੇ ਸੁਪਨੇ ਸਿੱਖ ਕੌਮ ਦੇ ਗਲੋ ਭਾਰਤ ਦੀ ਗੁਲਾਮੀ ਲਾਹਉਣ ਦੇ ਸੰਘਰਸ਼ ਵਾਸਤੇ ਸੁਹਿਰਦਤਾਂ ਨਾਲ ਆਪਣਾ ਬਣਦਾ ਯੋਗਦਾਨ ਪਾਈਏ ਇਹ ਹੀ ਉਸ ਮਹਾਨ ਯੋਧੇ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

## ਅਲਵਿਦਾ ਭਾਈ ਗਜਿੰਦਰ ਸਿੰਘ

# ਖਾਲਿਸਤਾਨ ਜੈਕਾਰਿਆਂ ਨਾਲ ਦਲ ਖਾਲਸਾ ਦੇ ਬਾਨੀ ਭਾਈ ਗਜਿੰਦਰ ਸਿੰਘ ਦਾ ਅੰਤਿਮ ਸੰਸਕਾਰ

**☛ ਸ਼੍ਰੀ ਅਕਾਲ ਤਖ਼ਤ ਸਾਹਿਬ ਵੱਲੋ "ਖਾਲਿਸਤਾਨ ਜਲਾਵਤਨੀ ਸਿੱਖ ਯੋਧਾ" ਦਾ ਐਵਾਰਡ ☛ ਖਾਲਿਸਤਾਨ ਲਹਿਰ ਦੀ 43 ਸਾਲਾਂ ਦੀ ਸਭ ਤੋਂ ਲੰਬੀ ਜਲਾਵਤਨੀ**

**ਲੰਡਨ, 5 ਜੁਲਾਈ (ਸਰਬਜੀਤ ਸਿੰਘ ਬਨੂੜ)** - ਖਾਲਿਸਤਾਨ ਸੰਘਰਸ਼ ਦੇ ਮੋਹਰੀ ਆਗੂ, ਇਨਕਲਾਬੀ ਕਵੀ ਦਲ ਖਾਲਸਾ ਦੇ ਬਾਨੀ ਭਾਈ ਗਜਿੰਦਰ ਸਿੰਘ (73) ਦਾ ਜਲਾਵਤਨੀ ਦੌਰਾਨ ਦਿਲ ਦਾ ਦੌਰਾ ਪੈਣ ਕਾਰਨ ਲਾਹੌਰ ਹਸਪਤਾਲ ਵਿੱਚ ਅਕਾਲ ਚਲਾਣਾ ਕਰ ਗਏ, ਦਾ ਸਿੱਖ ਰਹਿਤ ਮਰਿਯਾਦਾ ਤੇ ਖਾਲਿਸਤਾਨ ਦੇ ਜੈਕਾਰਿਆਂ ਦੀ ਗੂੰਜ਼ ਵਿੱਚ ਉਨ੍ਹਾਂ ਦਾ ਸੰਸਕਾਰ ਕਰ ਦਿੱਤਾ ਗਿਆ। ਉਸ ਸਮੇਂ ਪਾਕ ਖ਼ੁਫੀਆ ਏਜੰਸੀਆਂ ਦੇ ਉੱਚ ਅਧਿਕਾਰੀ ਤੋਂ ਇਲਾਵਾ ਉਨ੍ਹਾਂ ਦੇ ਕੁਝ ਪਰਿਵਾਰ ਦੇ ਮੈਂਬਰ ਹੀ ਮੌਜੂਦ ਸਨ। ਉਹ ਪਿੱਛੇ ਆਪਣੀ ਇੱਕਲੌਤੀ ਧੀ ਜਵਾਈ ਛੱਡ ਗਏ। ਦਿਲ ਦਾ ਦੌਰਾ ਪੈਣ ਤੋਂ ਬਾਦ, ਭਾਰੀ ਸੁਰੱਖਿਆ ਅਧੀਨ ਭਾਈ ਗਜਿੰਦਰ ਸਿੰਘ ਨੂੰ ਲਾਹੌਰ ਦੇ ਨਿੱਜੀ ਹਸਪਤਾਲ ਵਿੱਚ ਦਾਖਲ ਕੀਤਾ ਗਿਆ ਸੀ ਜਿੱਥੇ ਉਨ੍ਹਾਂ ਨੂੰ ਬਚਾਉਣ ਲਈ ਬਣਾਉਟੀ ਸਾਹ ਤੇ ਰੱਖਿਆ ਗਿਆ ਸੀ ਤੇ ਦਿਲ ਦੀ ਧੜਕਣ ਬੰਦ ਹੋਣ ਬਾਦ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।



ਭਾਈ ਗਜਿੰਦਰ ਸਿੰਘ 29 ਸਤੰਬਰ 1981 ਵਿੱਚ ਦਲ ਖਾਲਸਾ ਦੇ ਮੈਂਬਰਾਂ ਨਾਲ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਵਾਲਿਆ ਦੀ ਗ੍ਰਿਫ਼ਤਾਰੀ ਦੇ ਰੋਸ ਵਿੱਚ ਏਅਰ ਇੰਡਿਆ ਦਾ ਜਹਾਜ਼ ਅਗਵਾ ਕਰਕੇ ਲਾਹੌਰ ਲੈ ਗਏ ਸਨ, ਜਿੱਥੇ ਉਨ੍ਹਾਂ ਨੂੰ ਉਮਰ ਕੈਦ ਦੀ ਸਜ਼ਾ ਹੋਈ ਸੀ ਤੇ 13 ਸਾਲ 4 ਮਹਿਨੇ ਦੀ ਕੈਦ ਤੋਂ ਬਾਦ, ਰਿਹਾਈ ਉਪਰੰਤ ਭਾਈ ਗਜਿੰਦਰ ਸਿੰਘ ਪਿਛਲੇ 43 ਸਾਲਾਂ ਤੋਂ ਪਾਕਿਸਤਾਨ ਵਿੱਚ ਹੀ ਆਪਣੀ ਪਤਨੀ ਤੇ ਬੱਚੀ ਤੋਂ ਦੂਰ ਜਲਾਵਤਨੀ ਦੀ ਜ਼ਿੰਦਗੀ ਜੀਅ ਰਹੇ ਸਨ।

ਭਾਈ ਗਜਿੰਦਰ ਸਿੰਘ ਜਾਝਰੂ ਲਿਖਤ ਕਾਵਿਤਾ ਨਾਲ ਆਪਣੇ ਪ੍ਰਸੰਸਕਾਂ ਨਾਲ ਜੁੜੇ ਹੋਏ ਸਨ। 70ਵਿਆਂ ਵਿੱਚ ਡੇਰਾ ਬੱਸੀ ਵਿੱਚ ਉਸ ਵੇਲੇ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਜਲਸੇ ਦੌਰਾਨ ਮੂੰਹ ਤੇ ਸਿੱਖ ਹੋਮਲੈਡ ਦੇ ਪੈਂਫਲਿਟ ਸੁੱਟ ਚਰਚਾ ਵਿੱਚ ਆਏ ਸਨ।1975 ਵਿੱਚ ਉਨ੍ਹਾਂ ਦਾ ਇੱਕ ਇਨਕਲਾਬੀ ਕਾਵਿ ਸੰਗ੍ਰਹਿ "ਪੰਜ ਤੀਰ ਹੋਰ" ਤੇ ਭਾਰਤ ਸਰਕਾਰ ਵੱਲੋਂ ਦੇਸ਼ ਵਿਰੋਧੀ ਕਹਿ ਪਾਬੰਦੀ ਲਾ ਦਿੱਤੀ ਗਈ ਸੀ। ਭਾਰਤ ਸਰਕਾਰ ਵੱਲੋਂ ਭਾਈ ਗਜਿੰਦਰ ਸਿੰਘ ਦਾ 20 ਅਤਿ ਲੋੜੀਂਦੇ ਵਿਅਕਤੀ ਦੀ ਸੂਚੀ ਵਿੱਚ ਨਾਮ ਸ਼ਾਮਲ ਕੀਤਾ ਗਿਆ ਸੀ।

ਪੰਜਾਬ ਵਿੱਚ ਧਾਰਮਿਕ ਤੇ ਪੰਥਕ ਮਸਲਿਆਂ ਵਿੱਚ ਭਾਈ ਗਜਿੰਦਰ ਸਿੰਘ ਆਪਣੀ ਸਲਾਹ ਦਿੰਦੇ ਸਨ ਤੇ ਜਥੇਦਾਰ ਸਾਹਿਬਾਨ ਉਨ੍ਹਾਂ ਦੀ ਆਖੀ ਗੱਲ ਨੂੰ ਕਦੇ ਨਜ਼ਰ ਅੰਦਾਜ਼ ਕਰਦੇ ਨਹੀਂ ਵੇਖੇ ਗਏ। ਉਹ ਇੱਕ ਪੰਥ, ਇੱਕ ਗ੍ਰੰਥ ਤੇ ਅਕਾਲ ਤਖ਼ਤ ਸਾਹਿਬ ਦੀ ਰਹਿਤ ਮਰਿਯਾਦਾ ਦੇ ਪੱਕੇ ਹਾਮੀ ਸਨ।

2019 ਵਿੱਚ ਉਨ੍ਹਾਂ ਦੀ ਪਤਨੀ ਬੀਬੀ ਮਨਜੀਤ ਕੋਰ ਦੀ ਇਲਾਜ ਅਧੀਨ ਜਰਮਨ ਦੇ ਇੱਕ ਹਸਪਤਾਲ ਵਿੱਚ ਮੌਤ ਹੋ ਗਈ ਸੀ। 2020 ਵਿੱਚ ਸ਼੍ਰੀ ਅਕਾਲ ਤਖ਼ਤ ਸਾਹਿਬ ਵੱਲੋ ਭਾਈ ਗਜਿੰਦਰ ਸਿੰਘ ਨੂੰ "ਖਾਲਿਸਤਾਨ ਜਲਾਵਤਨੀ ਸਿੱਖ ਯੋਧਾ" ਐਵਾਰਡ ਨਾਲ ਸਨਮਾਨ ਕਰਨ ਦਾ ਐਲਾਨ ਕੀਤਾ ਗਿਆ ਸੀ। ਜਿਕਰਯੋਗ ਹੈ ਕਿ ਦਲ ਖਾਲਸਾ ਦੀ ਹਵਾਈ ਜਹਾਜ਼ ਅਗਵਾ ਕਰ ਲਾਹੌਰ ਸ਼ਹਿਰ ਉਤਰਨ ਤੋ ਬਾਦ ਖਾਲਿਸਤਾਨ ਦੀ ਲਹਿਰ ਨੂੰ ਅੰਤਰਰਾਸ਼ਟਰੀ ਪੱਧਰ ਤੱਕ ਮਾਨਤਾ ਮਿਲ ਗਈ ਸੀ। ਭਾਈ ਗਜਿੰਦਰ ਸਿੰਘ ਸਿਰਦਾਰ ਕਪੂਰ ਸਿੰਘ, ਸ ਗੁਰਤੇਜ ਸਿੰਘ ਦੇ ਅਤਿ ਨਜਦੀਕੀ ਸਾਥੀ ਸਨ।

**ਵੱਖ ਵੱਖ ਆਗੂਆਂ ਵੱਲੋਂ ਭਾਈ ਗਜਿੰਦਰ ਸਿੰਘ ਨੂੰ ਸ਼ਰਧਾਂਜਲੀ :** ਭਾਈ ਗਜਿੰਦਰ ਸਿੰਘ ਦੇ ਅਚਾਨਕ ਅਕਾਲ ਚਲਾਣੇ ਤੇ ਸਿੱਖ ਫੈਡਰੇਸਨ ਯੂਕੇ ਦੇ ਚੈਅਰਮੈਂਨ ਭਾਈ ਅਮਰੀਕ ਸਿੰਘ ਗਿੱਲ, ਸ ਗੁਰਜੀਤ ਸਿੰਘ ਸਮਰਾ, ਬੀਬੀ ਕਮਲਜੀਤ ਕੋਰ, ਐਫ ਐਸ ਓ ਦੇ ਕੋਆਡੀਨੇਟਰ ਭਾਈ ਜੋਗਾ ਸਿੰਘ, ਭਾਈ ਕੁਲਦੀਪ ਸਿੰਘ ਚਹੇੜੂ, ਭਾਈ ਲਵਸਿੰਦਰ ਸਿੰਘ ਡੱਲੇਵਾਲ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਵੱਲੋਂ ਸਿੱਖ ਕੋਮ ਦੀ ਅਜ਼ਾਦੀ ਲਈ ਪਾਏ ਯੋਗਦਾਨ ਨੂੰ ਸਿਜਦਾ ਕੀਤਾ ਗਿਆ।

## ਭਾਈ ਗਜਿੰਦਰ ਸਿੰਘ ਜੀ ਹਾਈਜੈਕਰ ਅਕਾਲ ਚਲਾਣਾ

# ਸਿੱਖ ਕੌਮ ਲਈ ਅਹਿਮ ਘਾਟਾ : ਸਿੰਘ ਸਾਹਿਬ





ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੀ ਗ੍ਰਿਫ਼ਤਾਰੀ ਦੇ ਵਿਰੋਧ ਵਿੱਚ ਹਵਾਈ ਜਹਾਜ਼ ਅਗਵਾ ਕਰਨ ਵਾਲੇ ਦਲ ਖਾਲਸਾ ਦੇ ਬਾਨੀ ਭਾਈ ਗਜਿੰਦਰ ਸਿੰਘ ਜੀ ਹਾਈਜੈਕਰ ਅਕਾਲ ਚਲਾਣਾ ਕਰ ਗਏ ਹਨ। ਉਹਨਾਂ ਦੀ ਕੁਰਬਾਨੀ, ਸੇਵਾ, ਦ੍ਰਿੜਤਾ ਅਤੇ ਸੰਘਰਸ਼ ਨੂੰ ਪ੍ਰਣਾਮ ਕਰਦੇ ਹਾਂ। ਭਾਈ ਗਜਿੰਦਰ ਸਿੰਘ ਜੀ ਹਮੇਸ਼ਾਂ ਸਿੱਖ ਕੌਮ ਦੇ ਦਿਲਾਂ ਦੇ ਵਿੱਚ ਵੱਸਦੇ ਰਹਿਣਗੇ। ਦਾਸ ਵੱਲੋਂ ਬੇਨਤੀ ਹੈ ਵਾਹਿਗੁਰੂ ਭਾਈ ਗਜਿੰਦਰ ਸਿੰਘ ਦੀ ਸਿੱਖ ਪੰਥ ਪ੍ਰਤੀ ਕੀਤੀ ਸੇਵਾ ਆਪਣੇ ਦਰ ਤੇ ਪਰਵਾਣ ਕਰਣ ਦਲ ਖ਼ਾਲਸਾ ਜਥੇਬੰਦੀ ਤੇ ਭਾਈ ਸਾਹਬ ਦੇ ਪ੍ਰੀਵਾਰ ਨੂੰ ਨਿਰੰਤਰ ਸੇਵਾ ਕਰਨ ਦੀ ਸ਼ਕਤੀ ਪਰਦਾਨ ਕਰਨ। ਸੰਤ ਬਾਬਾ ਜਰਨੈਲ ਸਿੰਘ ਜੀ ਦੇ ਸਮੁੱਚਾ ਪ੍ਰੀਵਾਰ ਇੰਟਰਨੈਸਨਲ ਪੰਥਕ ਦਲ ਦੀਆਂ ਦੇਸ਼ ਵਿਦੇਸ਼ ਦੀਆਂ ਇਕਾਈਆਂ ਇਸ ਦੁੱਖ ਦੀ ਘੜੀ ਵਿਚ ਆਪ ਜੀ ਦੇ ਨਾਲ ਹਾਂ।

**ਵੱਲੋ : ਗੁਰੂ ਪੰਥ ਦਾ ਦਾਸ, ਭਾਈ ਜਸਵੀਰ ਸਿੰਘ ਖ਼ਾਲਸਾ**
**ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ**





ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243